PANJAB TIMES
# ਪੰਜਾਬ ਟਾਈਮਜ਼
ਪੰਜਾਬੀਆਂ ਦੇ ਹੱਕਾਂ ਦਾ ਪਹਿਰੇਦਾਰ
Friday 29 November, 2024
Europe's Leading Panjabi Weekly Since 1965
Panjab Times, Bridle Gate Lane, Derby, DE24 0QW (UK) • Tel: 01332 372851 or 07966 388388 • www.panjabtimes.uk • Email: panjabtimes@aol.com

IMMIGRATION ADVICE BUREAU
SPECIALISTS ESTD 1989
FOR FREE INITIAL ADVICE
Contact:
S.S.RAI
ਇਮੀਗ੍ਰੇਸ਼ਨ ਸਬੰਧੀ ਸਲਾਹ ਲਈ ਅੱਜ ਹੀ ਸੁਖਜਿੰਦਰ ਸਿੰਘ ਰਾਏ ਨੂੰ ਫੋਨ ਕਰੋ!

Tel: 020 8571 6680
India:+91-181 5086389

# 1984 ਸਿੱਖ ਕਤਲੇਆਮ ਮਾਮਲੇ 'ਚ ਸੱਜਣ ਕੁਮਾਰ ਖ਼ਿਲਾਫ਼ ਟਲਿਆ ਫ਼ੈਸਲਾ

1984 ਸਿੱਖ ਕਤਲੇਆਮ ਦੇ ਇਕ ਮਾਮਲੇ ਵਿੱਚ ਸੱਜਣ ਕੁਮਾਰ ਵਿਰੁੱਧ ਫੈਸਲਾ ਟਲ ਗਿਆ ਹੈ। ਹੁਣ ਦਿੱਲੀ ਦੀ ਅਦਾਲਤ ਸਾਬਕਾ ਕਾਂਗਰਸੀ ਸੰਸਦ ਮੈਂਬਰ ਸੱਜਣ ਕੁਮਾਰ ਬਾਰੇ 16 ਦਸੰਬਰ ਨੂੰ ਫੈਸਲਾ ਸੁਣਾਏਗੀ। ਇਹ ਮਾਮਲਾ ਸਿੱਖ ਵਿਰੋਧੀ ਦੰਗਿਆਂ ਦੌਰਾਨ ਸਰਸਵਤੀ ਵਿਹਾਰ ਇਲਾਕੇ ਵਿੱਚ ਦੋ ਸਿੱਖਾਂ ਦੀ ਕਥਿਤ ਹੱਤਿਆ ਨਾਲ ਸਬੰਧਤ ਹੈ।




ਅੱਜ ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਨੇ ਇਸ ਮਾਮਲੇ ਬਾਰੇ ਫੈਸਲਾ ਸੁਣਾਉਣਾ ਸੀ ਪਰ ਉਨ੍ਹਾਂ ਕਿਹਾ ਕਿ ਇਸ ਸਬੰਧੀ ਹੁਕਮਾਂ ਦੀ ਕਾਪੀ ਤਿਆਰ ਨਹੀਂ ਹੋ ਸਕੀ ਜਿਸ ਕਰ ਕੇ ਇਸ ਫੈਸਲੇ ਨੂੰ ਅਗਲੇ ਹੁਕਮਾਂ ਤਕ ਟਾਲ ਦਿੱਤਾ ਗਿਆ ਹੈ। ਦੱਸ ਦਈਏ ਕਿ ਅਦਾਲਤ ਨੇ 1 ਨਵੰਬਰ 1984 ਨੂੰ ਜਸਵੰਤ ਸਿੰਘ ਅਤੇ ਉਸ ਦੇ ਪੁੱਤਰ ਤਰੁਣਦੀਪ ਸਿੰਘ ਦੇ ਕਤਲ ਨਾਲ ਸਬੰਧਤ ਕੇਸ ਵਿੱਚ ਅੰਤਿਮ ਦਲੀਲਾਂ ਸੁਣਨ ਤੋਂ ਬਾਅਦ ਫੈਸਲਾ ਰਾਖਵਾਂ ਰੱਖ ਲਿਆ ਸੀ।

ਭਾਵੇਂ ਇਸ ਮਾਮਲੇ ਵਿਚ ਪੰਜਾਬੀ ਬਾਗ ਥਾਣੇ ਦੀ ਪੁਲੀਸ ਨੇ ਪਹਿਲਾਂ ਕੇਸ ਦਰਜ ਕਰ ਲਿਆ ਸੀ ਪਰ ਬਾਅਦ ਵਿੱਚ ਵਿਸ਼ੇਸ਼ ਜਾਂਚ ਟੀਮ ਨੇ ਜਾਂਚ ਆਪਣੇ ਹੱਥ ਵਿੱਚ ਲੈ ਲਈ ਸੀ। ਅਦਾਲਤ ਨੇ 16 ਦਸੰਬਰ 2021 ਨੂੰ ਸੱਜਣ ਕੁਮਾਰ ਵਿਰੁੱਧ ਦੋਸ਼ ਆਇਦ ਕੀਤੇ ਸਨ। ਇਸਤਗਾਸਾ ਪੱਖ ਅਨੁਸਾਰ ਇੰਦਰਾ ਗਾਂਧੀ ਦੀ ਹੱਤਿਆ ਦਾ ਬਦਲਾ ਲੈਣ ਲਈ ਲੋਕਾਂ ਦੇ ਵੱਡੇ ਸਮੂਹ ਨੇ ਮਾਰੂ ਹਥਿਆਰਾਂ ਨਾਲ ਲੈਸ ਹੋ ਕੇ ਸਿੱਖਾਂ ਦੀਆਂ ਜਾਇਦਾਦਾਂ ਦੀ ਵੱਡੇ ਪੱਧਰ ’ਤੇ ਲੁੱਟਮਾਰ ਕਰਦਿਆਂ ਅੱਗਾਂ ਲਾਈਆਂ ਸਨ ਤੇ ਸਿੱਖਾਂ ਦੀਆਂ ਹੱਤਿਆਵਾਂ ਕਰ ਦਿੱਤੀਆਂ ਸਨ। ਇਸਤਗਾਸਾ ਪੱਖ ਨੇ ਦੋਸ਼ ਲਾਇਆ ਕਿ ਵੱਡੀ ਗਿਣਤੀ ਵਿਚ ਇਕੱਠੇ ਹੋਏ ਲੋਕਾਂ ਨੇ ਜਸਵੰਤ ਸਿੰਘ ਤੇ ਉਸ ਦੇ ਪੁੱਤਰ ਦੀ ਹੱਤਿਆ ਕਰਨ ਤੋਂ ਇਲਾਵਾ ਘਰ ਦਾ ਸਾਮਾਨ ਲੁੱਟ ਲਿਆ ਤੇ ਅਤੇ ਘਰ ਨੂੰ ਅੱਗ ਲਾ ਦਿੱਤੀ। ਇਸ ਕੇਸ ਵਿਚ ਸਬੂਤ ਮਿਲੇ ਸਨ ਕਿ ਸੱਜਣ ਕੁਮਾਰ ਨੇ ਹੀ ਇਸ ਹਜ਼ੂਮ ਦੀ ਅਗਵਾਈ ਕੀਤੀ ਜਿਨ੍ਹਾਂ ਸਿੱਖਾਂ ਦੇ ਘਰ ਸਾੜੇ ਤੇ ਹੱਤਿਆਵਾਂ ਕੀਤੀਆਂ।

## ਅਕਾਲ ਤਖ਼ਤ ’ਤੇ ਪੇਸ਼ ਹੋਣ ਵਾਲੇ ਅਕਾਲੀ ਆਗੂ ਮਰਿਆਦਾ ਕਾਇਮ ਰੱਖਣ: ਜਥੇਦਾਰ

ਅੰਮ੍ਰਿਤਸਰ- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹੋਰ ਅਕਾਲੀ ਆਗੂਆਂ ਖ਼ਿਲਾਫ਼ 2 ਦਸੰਬਰ ਨੂੰ ਹੋਣ ਵਾਲੀ ਕਾਰਵਾਈ ਤੋਂ ਪਹਿਲਾਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਸਮੂਹ ਅਕਾਲੀ ਆਗੂਆਂ ਨੂੰ ਸੁਚੇਤ ਕੀਤਾ ਗਿਆ ਹੈ ਕਿ ਉਹ ਇਸ ਮੌਕੇ ਧਾਰਮਿਕ ਅਸਥਾਨ ਦੀ ਮਰਿਆਦਾ ਨੂੰ ਬਰਕਰਾਰ ਰੱਖਣ। ਇਸ ਸਬੰਧੀ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਨਿੱਜੀ ਸਹਾਇਕ ਜਸਪਾਲ ਸਿੰਘ ਵੱਲੋਂ ਭੇਜੇ ਗਏ ਪੱਤਰ ਰਾਹੀਂ ਪੇਸ਼ ਹੋਣ ਵਾਲੇ ਸਮੂਹ ਅਕਾਲੀ ਆਗੂਆਂ ਨੂੰ ਸੁਚੇਤ ਕੀਤਾ ਗਿਆ ਹੈ ਕਿ 2 ਦਸੰਬਰ ਨੂੰ ਬਾਅਦ ਦੁਪਹਿਰ 1 ਵਜੇ ਅਕਾਲ ਤਖ਼ਤ ਵਿਖੇ ਪੇਸ਼ ਹੋਣ ਸਮੇਂ ਜੇ ਉਨ੍ਹਾਂ ਦੇ ਹਮਾਇਤੀਆਂ ਵੱਲੋਂ ਕਿਸੇ ਵੀ ਕਿਸਮ ਦਾ ਰੌਲਾ-ਰੱਪਾ ਪਾ ਕੇ ਪਵਿੱਤਰ ਅਸਥਾਨ ਦੀ ਮਾਣ ਮਰਿਆਦਾ ਨੂੰ ਢਾਹ ਲਾਉਣ ਦਾ ਯਤਨ ਕੀਤਾ ਗਿਆ ਤਾਂ ਇਸ ਦੀ ਜ਼ਿੰਮੇਵਾਰੀ ਉਨ੍ਹਾਂ ਦੀ ਖ਼ੁਦ ਦੀ ਹੋਵੇਗੀ।



ਇਸ ਸਬੰਧੀ ਭੇਜੇ ਗਏ ਪੱਤਰ ਵਿੱਚ 17 ਅਕਾਲੀ ਸਾਬਕਾ ਮੰਤਰੀਆਂ ਦੇ ਨਾਂ ਸ਼ਾਮਲ ਹਨ, ਜਿਨ੍ਹਾਂ ਨੂੰ ਸੂਚਿਤ ਕੀਤਾ ਗਿਆ ਹੈ ਕਿ ਸਾਲ 2007 ਤੋਂ 2017 ਤੱਕ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਹੁੰਦਿਆਂ ਕੁਝ ਬੱਜਰ ਗੁਨਾਹ ਹੋਏ ਹਨ, ਜਿਸ ਨਾਲ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਠੇਸ ਪੁੱਜੀ ਅਤੇ ਸਿੱਖ ਸੰਸਥਾਵਾਂ ਦਾ ਮਾਣ-ਸਨਮਾਨ ਘਟਿਆ ਹੈ। ਇਸ ਨਾਲ ਸਿੱਖਾਂ ਦੀ ਰਾਜਸੀ ਜਮਾਤ ਸ਼੍ਰੋਮਣੀ ਅਕਾਲੀ ਦਲ ਵੀ ਕਮਜ਼ੋਰ ਹੋਇਆ ਹੈ। ਇਸ ਸਬੰਧ ਵਿੱਚ ਉਨ੍ਹਾਂ ਦਾ ਸਪੱਸ਼ਟੀਕਰਨ ਅਕਾਲ ਤਖ਼ਤ ’ਤੇ ਪੁੱਜਾ ਹੈ। ਇਸ ਸਬੰਧ ਵਿੱਚ ਜਥੇਦਾਰ ਵੱਲੋਂ ਆਦੇਸ਼ ਕੀਤਾ ਗਿਆ ਹੈ ਕਿ ਉਹ ਹੋਈਆਂ ਭੁੱਲਾਂ ਵਾਸਤੇ 2 ਦਸੰਬਰ ਨੂੰ ਅਕਾਲ ਤਖ਼ਤ ਵਿਖੇ ਪੇਸ਼ ਹੋਣ।

ਇਸ ਪੱਤਰ ਵਿੱਚ ਸਾਬਕਾ ਮੰਤਰੀ ਡਾ. ਉਪਿੰਦਰਜੀਤ ਕੌਰ, ਆਦੇਸ਼ ਪ੍ਰਤਾਪ ਸਿੰਘ ਕੈਰੋਂ, ਗੁਲਜ਼ਾਰ ਸਿੰਘ ਰਣੀਕੇ, ਪਰਮਿੰਦਰ ਸਿੰਘ, ਸੁੱਚਾ ਸਿੰਘ ਲੰਗਾਹ, ਜਨਮੇਜਾ ਸਿੰਘ, ਹੀਰਾ ਸਿੰਘ, ਸਰਵਣ ਸਿੰਘ ਫਿਲੌਰ, ਸੋਹਨ ਸਿੰਘ, ਡਾ. ਦਲਜੀਤ ਸਿੰਘ ਚੀਮਾ, ਸਿਕੰਦਰ ਸਿੰਘ ਮਲੂਕਾ, ਬੀਬੀ ਜਗੀਰ ਕੌਰ, ਬਿਕਰਮ ਸਿੰਘ ਮਜੀਠੀਆ, ਮਨਪ੍ਰੀਤ ਸਿੰਘ ਬਾਦਲ, ਸ਼ਰਨਜੀਤ ਸਿੰਘ, ਸੁਰਜੀਤ ਸਿੰਘ ਅਤੇ ਮਹੇਸ਼ ਇੰਦਰ ਸਿੰਘ ਦੇ ਨਾਂ ਸ਼ਾਮਲ ਹਨ। ਇਸ ਤੋਂ ਇਲਾਵਾ ਸੁਖਬੀਰ ਸਿੰਘ ਬਾਦਲ ਨੂੰ ਵੱਖਰੇ ਤੌਰ ’ਤੇ ਪੱਤਰ ਵੀ ਭੇਜਿਆ ਗਿਆ ਹੈ।

## ਨਵਜੋਤ ਕੌਰ ਨੇ ਆਪਣੇ ਪੀ.ਏ ਅਤੇ ਹੋਰਾਂ 'ਤੇ 2 ਕਰੋੜ ਰੁਪਏ ਦੀ ਠੱਗੀ ਦਾ ਲਾਇਆ ਦੋਸ਼



ਅੰਮ੍ਰਿਤਸਰ : ਸਾਬਕਾ ਮੰਤਰੀ ਡਾ. ਨਵਜੋਤ ਕੌਰ ਨੇ ਦੋਸ਼ ਲਾਇਆ ਹੈ ਕਿ ਉਸ ਦੇ ਪੀ.ਏ., ਇੱਕ ਐਨ.ਆਰ.ਆਈ. ਅਤੇ ਉਹਨਾਂ ਦੇ ਸਾਥੀਆਂ ਨੇ ਉਹਨਾਂ ਨਾਲ 2 ਕਰੋੜ ਰੁਪਏ ਦੀ ਠੱਗੀ ਮਾਰੀ ਹੈ। ਪੁਲਿਸ ਕੋਲ ਦਰਜ ਕਰਵਾਈ ਸ਼ਿਕਾਇਤ ਵਿੱਚ, ਉਸਨੇ ਦੋਸ਼ ਲਾਇਆ ਕਿ ਉਸਦੇ ਪੀਏ ਨੇ ਉਸਨੂੰ ਦੱਸਿਆ ਕਿ ਇੱਕ ਐਨਆਰਆਈ ਅੰਮ੍ਰਿਤਸਰ ਦੇ ਪੌਸ਼ ਰਣਜੀਤ ਐਵੀਨਿਊ ਖੇਤਰ ਵਿੱਚ ਉਸਦਾ ਸ਼ੋਅਰੂਮ ਵੇਚ ਰਿਹਾ ਹੈ । ਉਸ ਨੇ ਦੱਸਿਆ ਕਿ ਉਸ ਨੇ ਆਪਣੇ ਖਾਤੇ ਵਿੱਚੋਂ ਕੁਝ ਐਡਵਾਂਸ NRI ਦੇ ਖਾਤੇ ਵਿੱਚ ਟਰਾਂਸਫਰ ਕੀਤਾ ਸੀ ਅਤੇ ਨਾਲ ਹੀ ਇੱਕ ਚੈੱਕ ਵੀ ਆਪਣੇ ਪੀਏ ਨੂੰ ਦਿੱਤਾ ਸੀ ਤਾਂ ਜੋ ਉਹ ਐਨ.ਆਰ.ਆਈ ਨਾਲ ਸਬੰਧਤ ਵਿਅਕਤੀ ਨੂੰ ਪੈਸੇ ਦੇਣ। ਉਸ ਨੇ ਕਿਹਾ ਕਿ ਉਸ ਨੂੰ ਬਾਅਦ ਵਿਚ ਉਸ ਰੁਪਏ ਦੀ ਰਕਮ ਦਾ ਪਤਾ ਲੱਗਾ। 2 ਕਰੋੜ ਰੁਪਏ ਉਸ ਦੇ ਪੀਏ, ਉਸ ਐਨਆਰਆਈ ਅਤੇ ਉਨ੍ਹਾਂ ਦੇ ਸਾਥੀਆਂ ਦੁਆਰਾ ਵਰਤੇ ਗਏ ਸਨ। ਪੁਲਿਸ ਨੇ ਸ਼ਿਕਾਇਤ ਆਰਥਿਕ ਅਪਰਾਧ ਸ਼ਾਖਾ ਨੂੰ ਭੇਜ ਦਿੱਤੀ ਹੈ ਜੋ ਮਾਮਲੇ ਦੀ ਅਗਲੇਰੀ ਜਾਂਚ ਕਰ ਰਹੀ ਹੈ।

# ਰੂਸ ਨੇ ਜਾਸੂਸੀ ਦਾ ਦੋਸ਼ ਲਾ ਕੇ ਬ੍ਰਿਟਿਸ਼ ਡਿਪਲੋਮੈਟ ਨੂੰ ਕਢਿਆ



ਮਾਸਕੋ : ਰੂਸ ਦੇ ਅਧਿਕਾਰੀਆਂ ਨੇ ਮੰਗਲਵਾਰ ਨੂੰ ਇਕ ਬ੍ਰਿਟਿਸ਼ ਡਿਪਲੋਮੈਟ ਨੂੰ ਜਾਸੂਸੀ ਦੇ ਦੋਸ਼ 'ਚ ਦੇਸ਼ ਛੱਡਣ ਦਾ ਹੁਕਮ ਦਿਤਾ ਹੈ। ਰੂਸ ਦੀ ਚੋਟੀ ਦੀ ਘਰੇਲੂ ਸੁਰੱਖਿਆ ਅਤੇ ਕਾਊਂਟਰ ਇੰਟੈਲੀਜੈਂਸ ਏਜੰਸੀ ਫ਼ੈਡਰਲ ਸਕਿਓਰਿਟੀ ਸਰਵਿਸ ਨੇ ਰੂਸੀ ਸਮਾਚਾਰ ਏਜੰਸੀਆਂ ਵਲੋਂ ਜਾਰੀ ਇਕ ਬਿਆਨ ਵਿਚ ਕਿਹਾ ਕਿ ਡਿਪਲੋਮੈਟ ਨੇ ਦੇਸ਼ ਵਿਚ ਦਾਖਲ ਹੋਣ ਦੀ ਇਜਾਜ਼ਤ ਮੰਗਦੇ ਸਮੇਂ ਗਲਤ ਨਿੱਜੀ ਜਾਣਕਾਰੀ ਦਿਤੀ ਸੀ। ਐਫ.ਐਸ.ਬੀ. ਵਜੋਂ ਜਾਣੀ ਜਾਂਦੀ ਏਜੰਸੀ ਨੇ ਦੋਸ਼ ਲਾਇਆ ਹੈ ਕਿ ਉਸ ਨੇ ਡਿਪਲੋਮੈਟਿਕ ਸੁਰੱਖਿਆ ਹੇਠ ਬ੍ਰਿਟਿਸ਼ ਖੁਫੀਆ ਲਈ ਕੰਮ ਕੀਤਾ ਅਤੇ ਅਗੱਸਤ 'ਚ ਰੂਸ ਤੋਂ ਕੱਢੇ ਗਏ ਛੇ ਬ੍ਰਿਟਿਸ਼ ਡਿਪਲੋਮੈਟਾਂ 'ਚੋਂ ਇਕ ਨੂੰ ਬਦਲ ਦਿਤਾ। ਐਫ.ਐਸ.ਬੀ. ਨੇ ਦੋਸ਼ ਲਾਇਆ ਕਿ ਡਿਪਲੋਮੈਟ ਖੁਫੀਆ ਅਤੇ ਵਿਨਾਸ਼ਕਾਰੀ ਗਤੀਵਿਧੀਆਂ 'ਚ ਸ਼ਾਮਲ ਸੀ, ਜਿਸ ਨਾਲ ਰੂਸੀ ਫੈਡਰੇਸ਼ਨ ਦੀ ਸੁਰੱਖਿਆ ਨੂੰ ਖਤਰਾ ਸੀ। ਰੂਸ ਦੇ ਵਿਦੇਸ਼ ਮੰਤਰਾਲੇ ਦੀ ਬੁਲਾਰਨ ਮਾਰੀਆ ਜ਼ਖਾਰੋਵਾ ਨੇ ਕਿਹਾ ਕਿ ਡਿਪਲੋਮੈਟ ਦੀ ਮਾਨਤਾ ਰੱਦ ਕਰਨ ਦਾ ਫੈਸਲਾ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਦੋ ਹਫਤਿਆਂ ਦੇ ਅੰਦਰ ਦੇਸ਼ ਛੱਡਣ ਦਾ ਹੁਕਮ ਦਿਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੰਤਰਾਲੇ ਨੇ ਨੋਟਿਸ ਸੌਂਪਣ ਲਈ ਬ੍ਰਿਟਿਸ਼ ਰਾਜਦੂਤ ਨੂੰ ਤਲਬ ਕੀਤਾ ਹੈ। ਬਰਤਾਨੀਆਂ ਦੇ ਵਿਦੇਸ਼, ਰਾਸ਼ਟਰਮੰਡਲ ਅਤੇ ਵਿਕਾਸ ਦਫਤਰ ਨੇ ਤੁਰਤ ਕੋਈ ਟਿਪਣੀ ਨਹੀਂ ਕੀਤੀ।

## ਮੈਟਰੋ ਸਟੇਸ਼ਨ 'ਤੇ ਸਿੱਖ ਨੂੰ ਕਿਰਪਾਨ ਪਾ ਕੇ ਜਾਣ ਤੋਂ ਰੋਕਣ 'ਤੇ ਸ਼੍ਰੋਮਣੀ ਕਮੇਟੀ ਵੱਲੋਂ ਇਤਰਾਜ਼



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਿੱਲੀ ਦੇ ਝਿਲਮਿਲ ਮੈਟਰੋ ਸਟੇਸ਼ਨ 'ਤੇ ਅੰਮ੍ਰਿਤਧਾਰੀ ਸਿੱਖ ਨੂੰ ਕਿਰਪਾਨ ਸਣੇ ਅੰਦਰ ਜਾਣ ਤੋਂ ਰੋਕਣ ਦੀ ਘਟਨਾ ਦਾ ਨੋਟਿਸ ਲਿਆ ਹੈ। ਉਨ੍ਹਾਂ ਕਿਹਾ ਕਿ ਇਹ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ। ਉਨ੍ਹਾਂ ਇਸ ਮਾਮਲੇ ਵਿੱਚ ਭਾਰਤ ਦੇ ਗ੍ਰਹਿ ਮੰਤਰਾਲੇ ਅਤੇ ਦਿੱਲੀ ਸਰਕਾਰ ਨੂੰ ਤੁਰੰਤ ਕਾਰਵਾਈ ਕਰਦਿਆਂ ਸਿੱਖਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕਿਹਾ। ਦੇਸ਼ ਅੰਦਰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਦੇ ਮਾਮਲੇ ਸਾਹਮਣੇ ਆ ਰਹੇ ਹਨ ਅਤੇ ਸਰਕਾਰਾਂ ਅਜਿਹਾ ਕਰਨ ਵਾਲਿਆਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕਰ ਰਹੀਆਂ। ਇਸ ਘਟਨਾ ਦੀ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਹੈ, ਜਿਸ ਦਾ ਨੋਟਿਸ ਲੈਂਦਿਆਂ ਸਰਕਾਰ ਨੂੰ ਦੋਸ਼ੀ ਕਰਮਚਾਰੀ ਖਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।

## ਪ੍ਰਿਯੰਕਾ ਨੇ ਸੰਵਿਧਾਨ ਦੀ ਕਾਪੀ ਫੜ ਕੇ ਸਹੁੰ ਚੁੱਕੀ



ਨਵੀਂ ਦਿੱਲੀ- ਸਰਗਰਮ ਸਿਆਸਤ 'ਚ ਸ਼ਾਮਲ ਹੋਣ ਦੇ ਪੰਜ ਸਾਲ ਬਾਅਦ ਲੋਕਾਂ ਦੇ ਚੁਣੇ ਹੋਏ ਨੁਮਾਇੰਦੇ ਵਜੋਂ ਆਪਣੀ ਯਾਤਰਾ ਸ਼ੁਰੂ ਕਰਨ ਲਈ ਕਾਂਗਰਸ ਆਗੂ ਪ੍ਰਿਯੰਕਾ ਗਾਂਧੀ ਵਾਡਰਾ ਨੇ ਅੱਜ ਸੰਵਿਧਾਨ ਦੀ ਕਾਪੀ ਹੱਥ 'ਚ ਫੜ ਕੇ ਲੋਕ ਸਭਾ ਮੈਂਬਰ ਵਜੋਂ ਸਹੁੰ ਚੁੱਕੀ। ਇਸੇ ਤਰ੍ਹਾਂ ਨਾਂਦੇੜ ਜ਼ਿਮਨੀ ਚੋਣ 'ਚ ਜਿੱਤ ਦਰਜ ਕਰਨ ਵਾਲੇ ਕਾਂਗਰਸ ਦੇ ਸੰਸਦ ਮੈਂਬਰ ਰਵਿੰਦਰ ਚਵਾਨ ਨੇ ਮਰਾਠੀ ਭਾਸ਼ਾ 'ਚ ਹਲਫ਼ ਲਿਆ। 52 ਸਾਲਾ ਪ੍ਰਿਯੰਕਾ ਇੱਕ ਸੰਸਦ ਮੈਂਬਰ ਵਜੋਂ ਆਪਣੀ ਮਾਂ ਸੋਨੀਆ ਗਾਂਧੀ ਤੇ ਭਰਾ ਰਾਹੁਲ ਗਾਂਧੀ ਨਾਲ ਸੰਸਦ 'ਚ ਇੱਕ ਹੀ ਪਰਿਵਾਰ ਦੇ ਤਿੰਨ ਸੰਸਦ ਮੈਂਬਰ ਹੋਣ ਦੀ ਵਿਲੱਖਣ ਮਿਸਾਲ ਹੈ। ਪ੍ਰਿਯੰਕਾ ਨੇ ਹਿੰਦੀ 'ਚ ਸਹੁੰ ਚੁੱਕੀ। ਕੇਰਲ ਦੇ ਵਾਇਨਾਡ ਤੋਂ ਸੰਸਦ ਮੈਂਬਰ ਨੇ ਸਹੁੰ ਚੁੱਕਦੇ ਸਮੇਂ ਸੰਵਿਧਾਨ ਦੀ ਲਾਲ ਤੇ ਕਾਲੀ ਕਾਪੀ ਫੜੀ ਹੋਈ ਸੀ, ਜੋ ਰਾਹੁਲ ਗਾਂਧੀ ਆਪਣੀਆਂ ਜਨਤਕ ਰੈਲੀਆਂ 'ਚ ਦਿਖਾਉਂਦੇ ਹਨ।

# ਟਰੰਪ ਦੀ ਚਿਤਾਵਨੀ ਬਾਅਦ ਕੈਨੇਡਾ ਵੱਲੋਂ ਸਰਹੱਦ 'ਤੇ ਸਖ਼ਤੀ ਦਾ ਫ਼ੈਸਲਾ



ਵੈਨਕੂਵਰ- ਅਮਰੀਕਾ ਦੇ ਨਵੇਂ ਚੁਣੇ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਅਹੁਦਾ ਸੰਭਾਲਦਿਆਂ ਹੀ ਕੈਨੇਡਾ ਤੇ ਮੈਕਸੀਕੋ ਤੋਂ ਦਰਾਮਦ ਹੁੰਦੇ ਸਾਮਾਨ 'ਤੇ 25 ਫ਼ੀਸਦੀ ਟੈਕਸ ਲਾਉਣ ਦੇ ਐਲਾਨ ਤੋਂ ਬਾਅਦ ਕੈਨੇਡਾ ਨੇ ਪੂਰਬ ਤੋਂ ਪੱਛਮ ਤੱਕ ਅਮਰੀਕਾ ਨਾਲ ਜੁੜਦੀ 8891 ਕਿਲੋਮੀਟਰ ਲੰਮੀ ਸਰਹੱਦ 'ਤੇ ਸਖ਼ਤੀ ਵਧਾਉਣ ਦਾ ਫ਼ੈਸਲਾ ਕੀਤਾ ਹੈ। ਸਰਹੱਦ ਤੋਂ ਆਰ-ਪਾਰ ਜਾਣ ਲਈ ਛੋਟੇ-ਵੱਡੇ 100 ਦੇ ਕਰੀਬ ਪ੍ਰਵਾਨਿਤ ਲਾਂਘੇ ਹਨ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਸੂਬਿਆਂ ਦੇ ਮੁੱਖ ਮੰਤਰੀਆਂ ਨਾਲ ਕੀਤੀ ਮੀਟਿੰਗ ਤੋਂ ਬਾਅਦ ਇਸ ਵਾਸਤੇ ਵਾਧੂ ਫੰਡ ਜਾਰੀ ਕਰਨ ਦਾ ਐਲਾਨ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਪਿਛਲੇ ਦਿਨੀਂ ਕਿਹਾ ਸੀ ਕਿ ਦੋਵਾਂ ਗੁਆਂਢੀ ਮੁਲਕਾਂ ਨਾਲ ਜੁੜਦੀਆਂ ਸਰਹੱਦਾਂ 'ਤੇ ਸਖ਼ਤੀ ਨਾ ਹੋਣ ਕਾਰਨ ਗਲਤ ਅਨਸਰ ਤੇ ਸਾਮਾਨ ਅਮਰੀਕਾ 'ਚ ਦਾਖ਼ਲ ਹੁੰਦਾ ਹੈ, ਜਿਸ 'ਤੇ ਰੋਕ ਲੱਗਣੀ ਜ਼ਰੂਰੀ ਹੈ। ਉਨ੍ਹਾਂ ਸਖ਼ਤੀ ਨਾ ਹੋਣ ਦਾ ਠੀਕਰਾ ਕੈਨੇਡਾ ਅਤੇ ਮੈਕਸੀਕੋ ਸਿਰ ਭੰਨਿਆ ਸੀ। ਬਰਾਮਦ ਟੈਕਸ ਵਿੱਚ ਵਾਧਾ ਕੈਨੇਡਾ ਦੀ ਸਨਅਤ ਲਈ ਘਾਤਕ ਸਾਬਤ ਹੋ ਸਕਦਾ ਹੈ। ਕੈਨੇਡਾ ਵੱਲੋਂ ਦੇਸ਼ ਦੀ ਸਰਹੱਦ ਨੂੰ ਸੁਰੱਖਿਅਤ ਰੱਖਣ ਦੀ ਜ਼ਿੰਮੇਵਾਰੀ ਕੈਨੇਡਾ ਬਾਰਡਰ ਸਰਵਿਸ ਏਜੰਸੀ (ਸੀਬੀਐੱਸਏ) ਜ਼ਿੰਮੇ ਹੁੰਦੀ ਹੈ, ਜਿਸਦੀ ਨਫ਼ਰੀ ਤੇ ਸਾਜ਼ੋ ਸਾਮਾਨ ਵਿੱਚ ਵਾਧੇ ਲਈ ਕੇਂਦਰ ਨੇ ਹੋਰ ਫੰਡ ਜਾਰੀ ਕਰਨ ਦਾ ਐਲਾਨ ਕੀਤਾ ਹੈ।

# ਸੁਖਬੀਰ ਬਾਦਲ ਅਤੇ ਹਰਜਿੰਦਰ ਸਿੰਘ ਧਾਮੀ ਨੇ ਕੀਤੀ ਲੋਕਾਂ ਨੂੰ ਅਪੀਲ

ਅੱਜ SGPC ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਟਵੀਟ ਕਰਦਿਆਂ ਕਿਹਾ ਕਿ ਮੈਂ ਪੰਥਕ ਧਿਰਾਂ ਨੂੰ ਅਪੀਲ ਕਰਦਾ ਹਾਂ ਕਿ ਇਸ ਸੰਜੀਦਾ ਮਸਲੇ ਵਿੱਚ ਸੰਜਮ ਰੱਖਿਆ ਜਾਵੇ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਭੂਸੱਤਾ ਸੰਪੰਨ ਹਸਤੀ ਦਾ ਸਤਿਕਾਰ ਰੱਖਿਆ ਜਾਵੇ ਅਤੇ ਜਥੇਦਾਰ ਸਾਹਿਬਾਨ ਨੂੰ ਸਲਾਹਾਂ ਦੇਣ ਦੀ ਆੜ ਹੇਠ ਨਸੀਹਤਾਂ ਨਾ ਦਿੱਤੀਆਂ ਜਾਣ ਅਤੇ ਉਨ੍ਹਾਂ ਦੀ ਨਿੱਜੀ ਸ਼ਖ਼ਸੀਅਤ ਉੱਪਰ ਕਿਸੇ ਕਿਸਮ ਦੇ ਸਵਾਲ ਨਾ ਉਠਾਏ ਜਾਣ।



ਅੱਜ ਸੁਖਬੀਰ ਸਿੰਘ ਬਾਦਲ ਨੇ ਟਵੀਟ ਕਰਦਿਆਂ ਆਖਿਆ ਕਿ ਮੇਰੇ ਧਿਆਨ ਵਿੱਚ ਆਇਆ ਹੈ ਕਿ ਬੀਤੇ ਕੁੱਝ ਦਿਨਾਂ ਤੋਂ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਸੋਸ਼ਲ ਮੀਡੀਆ ਦੀ ਦੁਰਵਰਤੋਂ ਕਰਦਿਆਂ ਜਾਅਲੀ ਅਕਾਉਂਟ ਬਣਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਤਿਕਾਰਯੋਗ ਸਿੰਘ ਸਾਹਿਬਾਨਾਂ ਖ਼ਿਲਾਫ਼ ਘਟੀਆ ਪ੍ਰਾਪੇਗੰਡਾ ਚਲਾਇਆ ਜਾ ਰਿਹਾ ਹੈ। ਜੋ ਕਿ ਅਤਿ ਨਿੰਦਣਯੋਗ ਹੈ। ਇਸਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀ ਕੀਤਾ ਜਾ ਸਕਦਾ। ਸ਼੍ਰੋਮਣੀ ਅਕਾਲੀ ਦਲ ਦਾ ਹਰ ਆਗੂ ਅਤੇ ਵਰਕਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ। ਇਸ ਕਰਕੇ ਇਸ ਕੂੜ ਪ੍ਰਚਾਰ ਨੂੰ ਵੇਖ ਕੇ ਹਰ ਕੋਈ ਪ੍ਰੇਸ਼ਾਨ ਹੈ। ਅੱਜ ਸਾਨੂੰ ਪੰਥ ਦੋਖੀ ਤਾਕਤਾਂ ਤੋਂ ਪੂਰਨ ਤੌਰ 'ਤੇ ਸੁਚੇਤ ਹੋਣ ਦੀ ਲੋੜ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵ ਉੱਚਤਾ ਅੱਗੇ ਸੀਸ ਝੁਕਾਉਂਦੇ ਹੋਏ ਮੈਂ ਆਪਣੇ ਵੱਲੋਂ ਇਸ ਸਾਰੇ ਪ੍ਰਾਪੇਗੰਡੇ ਦੀ ਸਖ਼ਤ ਨਿਖੇਧੀ ਕਰਦੇ ਹਾਂ।

# ਸ਼ਿਲਪਾ ਸ਼ੈੱਟੀ ਦੇ ਪਤੀ ਰਾਜ ਕੁੰਦਰਾ ਦੇ ਟਿਕਾਣਿਆਂ 'ਤੇ ਈਡੀ ਦੀ ਛਾਪੇਮਾਰੀ

ਮੁੰਬਈ: ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਬਾਲੀਵੁੱਡ ਅਭਿਨੇਤਰੀ ਸ਼ਿਲਪਾ ਸ਼ੈੱਟੀ ਦੇ ਪਤੀ ਕਾਰੋਬਾਰੀ ਰਾਜ ਕੁੰਦਰਾ ਦੇ ਘਰ ਅਤੇ ਦਫਤਰ 'ਤੇ ਛਾਪੇਮਾਰੀ ਕੀਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਈਡੀ ਅਸ਼ਲੀਲ ਮਾਮਲੇ ਵਿੱਚ ਰਾਜ ਕੁੰਦਰਾ ਦੇ ਘਰ ਹੀ ਨਹੀਂ ਬਲਕਿ ਕਈ ਹੋਰ ਲੋਕਾਂ ਦੇ ਘਰਾਂ ਦੀ ਵੀ ਤਲਾਸ਼ੀ ਲੈ ਰਹੀ ਹੈ। ਤੁਹਾਨੂੰ ਦੱਸ ਦੇਈਏ ਕਿ ਇਹ ਜਾਂਚ ਮੋਬਾਈਲ ਐਪ ਰਾਹੀਂ ਪੋਰਨ ਕੰਟੈਂਟ ਬਣਾਉਣ ਅਤੇ ਸਰਕੂਲੇਸ਼ਨ ਨਾਲ ਜੁੜੀ ਹੈ। ਈਡੀ ਦੀ ਜਾਂਚ ਮੁੰਬਈ ਪੁਲਿਸ ਦੇ 2021 ਦੇ ਕੇਸ 'ਤੇ ਅਧਾਰਤ ਹੈ, ਜਿਸ ਕਾਰਨ ਕ੍ਰਾਈਮ ਬ੍ਰਾਂਚ ਨੇ ਜੁਲਾਈ 2021 ਵਿੱਚ ਸ਼ਿਲਪਾ ਸ਼ੈੱਟੀ ਦੇ ਪਤੀ ਰਾਜ ਕੁੰਦਰਾ ਨੂੰ ਗ੍ਰਿਫਤਾਰ ਕੀਤਾ ਸੀ। ਗ੍ਰਿਫਤਾਰੀ ਤੋਂ ਬਾਅਦ ਰਾਜ ਨੂੰ 63 ਦਿਨਾਂ ਤੱਕ ਜੇਲ੍ਹ ਵਿੱਚ ਰੱਖਿਆ ਗਿਆ ਸੀ। ਬਾਅਦ ਵਿਚ ਸਿਟੀ ਕੋਰਟ ਨੇ ਉਸ ਨੂੰ ਜ਼ਮਾਨਤ ਦੇ ਦਿੱਤੀ ਅਤੇ ਜ਼ਮਾਨਤ ਮਿਲਣ ਤੋਂ ਬਾਅਦ ਰਾਜ ਕੁੰਦਰਾ ਨੇ ਆਪਣੇ 'ਤੇ ਲੱਗੇ ਸਾਰੇ ਦੋਸ਼ਾਂ ਤੋਂ ਇਨਕਾਰ ਕਰ ਦਿੱਤਾ।



ਦਰਅਸਲ ਫਰਵਰੀ 2021 'ਚ ਮੁੰਬਈ ਪੁਲਸ ਨੇ ਮਡ ਆਈਲੈਂਡ 'ਤੇ ਸਥਿਤ ਇਕ ਬੰਗਲੇ 'ਤੇ ਛਾਪਾ ਮਾਰਿਆ ਸੀ। ਛਾਪੇਮਾਰੀ 'ਚ ਪਤਾ ਲੱਗਾ ਕਿ ਉਸ ਬੰਗਲੇ 'ਚ ਅਡਲਟ ਫਿਲਮਾਂ ਦੀ ਸ਼ੂਟਿੰਗ ਹੁੰਦੀ ਸੀ। ਜਦੋਂ ਪੁਲਸ ਨੇ ਉਸ ਬੰਗਲੇ ਦੀ ਜਾਂਚ ਕੀਤੀ ਤਾਂ ਪਤਾ ਲੱਗਾ ਕਿ ਇਨ੍ਹਾਂ ਫਿਲਮਾਂ ਨੂੰ ਬਣਾਉਣ ਪਿੱਛੇ ਰਾਜ ਕੁੰਦਰਾ ਦਾ ਹੱਥ ਸੀ। ਕੁਝ ਮਹੀਨੇ ਪਹਿਲਾਂ, ਈਡੀ ਨੇ 2002 ਦੇ ਬਿਟਕੁਆਇਨ ਪੋਂਜ਼ੀ ਸਕੀਮ ਘੁਟਾਲੇ ਦੀ ਜਾਂਚ ਦੌਰਾਨ ਸ਼ਿਲਪਾ ਸ਼ੈੱਟੀ ਦਾ ਜੁਹੂ ਫਲੈਟ, ਰਾਜ ਕੁੰਦਰਾ ਦੇ ਨਾਂ 'ਤੇ ਰਜਿਸਟਰਡ ਬੰਗਲਾ, ਇਕਵਿਟੀ ਸ਼ੇਅਰ ਅਤੇ ਜੋੜੇ ਦੇ 97.79 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਸੀ।

# ਕੰਗਣਾ ਰਣੌਤ ਰਾਜਧ੍ਰੋਹ ਮਾਮਲੇ 'ਚ ਆਗਰਾ ਕੋਰਟ ਅੰਦਰ ਨਹੀਂ ਹੋਈ ਪੇਸ਼

ਨਵੀਂ ਦਿੱਲੀ (ਮਨਪ੍ਰੀਤ ਸਿੰਘ ਖਾਲਸਾ):- ਆਗਰਾ ਦੀ ਐਮਪੀਐਮਐਲਏ ਅਦਾਲਤ ਅੰਦਰ ਬੀਤੇ ਦਿਨ ਅਭਿਨੇਤਰੀ ਅਤੇ ਹਿਮਾਚਲ ਦੇ ਮੰਡੀ ਤੋਂ ਭਾਜਪਾ ਸੰਸਦ ਮੈਂਬਰ ਕੰਗਨਾ ਰਣੌਤ ਦੇ ਮਾਮਲੇ 'ਚ ਸੁਣਵਾਈ ਹੋਈ। ਅਦਾਕਾਰਾ ਅਦਾਲਤ 'ਚ ਪੇਸ਼ ਨਹੀਂ ਹੋਈ ਤੇ ਨਾ ਹੀ ਉਸ ਦਾ ਵਕੀਲ ਪਹੁੰਚਿਆ। ਇਸ ਤੋਂ ਪਹਿਲਾਂ 12 ਨਵੰਬਰ ਨੂੰ ਵੀ ਅਦਾਲਤ ਵਿੱਚ ਸੁਣਵਾਈ ਹੋਈ ਸੀ ਅਤੇ ਅਦਾਕਾਰਾ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਗਿਆ ਸੀ। ਨੋਟਿਸ ਦੇ ਅਨੁਸਾਰ 28 ਨਵੰਬਰ ਨੂੰ, ਭਾਜਪਾ ਦੇ ਸੰਸਦ ਮੈਂਬਰ ਨੇ ਆਪਣੇ ਵਕੀਲ ਦੁਆਰਾ ਜਾਂ ਕਿਸੇ ਵਕੀਲ ਦੇ ਜ਼ਰੀਏ ਐਮਪੀਐਮਐਲਏ ਅਦਾਲਤ ਵਿੱਚ ਆਪਣਾ ਪੱਖ ਪੇਸ਼ ਕਰਨਾ ਸੀ, ਵਿਸ਼ੇਸ਼ ਅਦਾਲਤ ਦੇ ਐਮਪੀਐਮਐਲਏ ਜਸਟਿਸ ਅਨੁਜ ਕੁਮਾਰ ਸਿੰਘ ਵਲੋਂ ਨੋਟਿਸ ਜਾਰੀ ਹੋਣ ਤੋਂ ਬਾਅਦ ਵੀ



ਅਭਿਨੇਤਰੀ ਕੰਗਨਾ ਰਣੌਤ ਨਾ ਤਾਂ ਸੁਣਵਾਈ 'ਤੇ ਆਈ ਅਤੇ ਨਾ ਹੀ ਉਸ ਦੀ ਤਰਫੋਂ ਕੋਈ ਵਕੀਲ ਅਦਾਲਤ 'ਚ ਪੇਸ਼ ਹੋਇਆ। ਅਦਾਲਤ ਅਗਲੀ ਸੁਣਵਾਈ ਤੋਂ ਬਾਅਦ ਆਪਣਾ ਹੁਕਮ ਕੀ ਜਾਰੀ ਕਰਦੀ ਹੈ ਉਸ ਦਾ ਇੰਤਜ਼ਾਰ ਕੀਤਾ ਜਾ ਰਿਹਾ ਹੈ । ਇਸ ਸਬੰਧੀ ਆਗਰਾ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਵਕੀਲ ਰਮਾਸ਼ੰਕਰ ਸ਼ਰਮਾ ਨੇ ਬੀਤੀ 11 ਸਤੰਬਰ ਨੂੰ ਵਿਸ਼ੇਸ਼ ਜੱਜ ਐਮਪੀਐਮਐਲਏ ਅਦਾਲਤ ਵਿੱਚ ਕੰਗਨਾ ਰਣੌਤ ਖ਼ਿਲਾਫ਼ ਦੇਸ਼ ਧ੍ਰੋਹ ਅਤੇ ਅਪਮਾਨ ਦੀਆਂ ਧਾਰਾਵਾਂ ਤਹਿਤ ਕੇਸ ਦਾਇਰ ਕੀਤਾ ਸੀ। ਦੋਸ਼ ਲਾਇਆ ਗਿਆ ਸੀ ਕਿ ਭਾਜਪਾ ਦੀ ਸੰਸਦ ਮੈਂਬਰ ਅਤੇ ਅਦਾਕਾਰਾ ਕੰਗਨਾ ਰਣੌਤ ਨੇ ਬੀਤੀ 26 ਅਗਸਤ ਨੂੰ ਇੱਕ ਇੰਟਰਵਿਊ ਵਿੱਚ ਕੇਂਦਰ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਕਾਤਲ ਦੱਸਿਆ ਸੀ ਅਤੇ ਉਨ੍ਹਾਂ ਖ਼ਿਲਾਫ਼ ਇਤਰਾਜ਼ਯੋਗ ਭਾਸ਼ਾ ਵੀ ਵਰਤੀ ਸੀ। ਅਦਾਲਤ ਅੰਦਰ ਚਲ ਰਹੇ ਮਾਮਲੇ ਦੀ ਅਗਲੀ ਸੁਣਵਾਈ 12 ਦਸੰਬਰ ਲਈ ਤੈਅ ਕੀਤੀ ਗਈ ਹੈ ।

# ਸੁਨੀਤਾ ਵਿਲੀਅਮਜ਼ ਨੇ ਸਪੇਸ ਸਟੇਸ਼ਨ ਵਿੱਚ ਬੁਚ ਵਿਲਮੋਰ ਅਤੇ ਸਹਿਕਰਮੀਆਂ ਨਾਲ ਥੈਂਕਸਗਿਵਿੰਗ ਡੇ ਮਨਾਇਆ

ਵਾਸ਼ਿੰਗਟਨ: ਨਾਸਾ ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼, ਪੁਲਾੜ ਯਾਤਰੀ ਬਿਚ ਵਿਲਮੋਰ ਅਤੇ 2 ਹੋਰ ਸਹਿਯੋਗੀਆਂ ਨਾਲ ਥੈਂਕਸਗਿਵਿੰਗ ਦਿਵਸ ਮਨਾਇਆ, ਜੋ ਪਿਛਲੇ 6 ਮਹੀਨਿਆਂ ਤੋਂ ਪੁਲਾੜ ਸਟੇਸ਼ਨ 'ਤੇ ਹਨ। ਸੁਨੀਤਾ ਵਿਲੀਅਮਜ਼ ਅਤੇ ਹੋਰ ਪੁਲਾੜ ਯਾਤਰੀਆਂ ਨੇ ਥੈਂਕਸਗਿਵਿੰਗ ਡੇ ਮਨਾਉਣ ਦਾ ਵੀਡੀਓ ਵੀ ਜਾਰੀ ਕੀਤਾ ਹੈ। ਇਸ ਵੀਡੀਓ 'ਚ ਸਾਰੇ ਪੁਲਾੜ ਯਾਤਰੀ ਪੈਕਡ ਫੂਡ ਦੇ ਪੈਕੇਟ ਕੱਢਦੇ ਨਜ਼ਰ ਆ ਰਹੇ ਹਨ। ਇਨ੍ਹਾਂ ਪੈਕਟਾਂ ਵਿੱਚ ਸਮੋਕ ਕੀਤੀ ਟਰਕੀ, ਕਰੈਨਬੇਰੀ ਸੌਸ ਅਤੇ ਹੋਰ ਖਾਣ-ਪੀਣ ਦੀਆਂ ਵਸਤੂਆਂ ਸਨ। ਅੱਜ ਸਾਰੇ ਪੁਲਾੜ ਯਾਤਰੀ ਆਪਣੇ ਰੋਜ਼ਾਨਾ ਦੇ ਕੰਮ ਤੋਂ ਛੁੱਟੀ ਲੈਣਗੇ। ਇਸ ਦੇ ਨਾਲ ਹੀ ਉਹ ਆਪਣੇ ਪਰਿਵਾਰਕ ਮੈਂਬਰਾਂ ਨਾਲ ਵੀ ਵੀਡੀਓ ਕਾਲ 'ਤੇ ਗੱਲ ਕਰਨਗੇ।

ਥੈਂਕਸਗਿਵਿੰਗ ਡੇਅ ਅਮਰੀਕਾ ਅਤੇ ਕੈਨੇਡਾ ਸਮੇਤ ਕਈ ਦੇਸ਼ਾਂ ਵਿੱਚ ਸਾਲਾਨਾ ਛੁੱਟੀ ਵਜੋਂ ਮਨਾਇਆ ਜਾਂਦਾ ਹੈ। ਅਮਰੀਕੀ ਰਾਸ਼ਟਰਪਤੀ ਅਬ੍ਰਾਹਮ ਲਿੰਕਨ ਨੇ 1863 ਵਿੱਚ ਇਸਨੂੰ ਰਾਸ਼ਟਰੀ ਛੁੱਟੀ ਘੋਸ਼ਿਤ ਕੀਤਾ ਸੀ। ਅੱਜ ਥੈਂਕਸਗਿਵਿੰਗ ਡੇਅ 'ਤੇ ਅਮਰੀਕਾ ਦੇ ਨਿਊਯਾਰਕ 'ਚ ਮੇਸੀਜ਼ ਦੀ ਪਰੇਡ ਕੱਢੀ ਜਾਵੇਗੀ।

ਸੁਨੀਤਾ ਵਿਲੀਅਮਜ਼ ਅਤੇ ਬੁਚ ਵਿਲਮੋਰ ਨੂੰ ਇਸ ਸਾਲ 5 ਜੂਨ ਨੂੰ ਬੋਇੰਗ ਦੇ ਨਵੇਂ ਸਟਾਰਲਾਈਨਰ ਕੈਪਸੂਲ ਵਿੱਚ ਆਈਐੱਸਐੱਸ ਵਿੱਚ ਭੇਜਿਆ ਗਿਆ ਸੀ। ਅੱਜ ਉਨ੍ਹਾਂ ਨੂੰ ਪੁਲਾੜ ਵਿੱਚ ਫਸੇ 176 ਦਿਨ ਹੋ ਗਏ ਹਨ।

# ਦਿੱਲੀ ਕਮੇਟੀ ਅਧੀਨ ਚਲਦੇ ਸਕੂਲਾਂ ਦੇ ਬਕਾਏ ਖ਼ਤਮ ਕਰਨ ਲਈ ਕਾਲਕਾ, ਸਿਰਸਾ ਅਤੇ ਅਹੁਦੇਦਾਰਾਂ ਦੀਆਂ ਜਾਇਦਾਦਾਂ ਹੋਣ ਨਿਲਾਮ: ਸਰਨਾ

ਨਵੀਂ ਦਿੱਲੀ, (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੁਖੀ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੀਆਂ ਬਕਾਇਆ ਤਨਖਾਹਾਂ ਅਤੇ ਗ੍ਰੇਚੁਟੀ ਦੇਣ ਲਈ ਡੀਐਸਜੀਐਮਸੀ ਦੀਆਂ ਜਾਇਦਾਦਾਂ ਵੇਚਣ ਦਾ ਸਖ਼ਤ ਵਿਰੋਧ ਕੀਤਾ ਹੈ। ਅਧਿਆਪਕਾਂ ਦੇ ਵਕੀਲ ਦੁਆਰਾ, ਬਕਾਇਆ ਕਲੀਅਰ ਕਰਨ ਲਈ, ਲੋਨੀ ਵਿੱਚ 11 ਏਕੜ ਅਤੇ ਬਿਘਰ ਵਿੱਚ 280 ਏਕੜ ਸਮੇਤ, ਡੀਐਸਜੀਐਮਸੀ ਪ੍ਰਸ਼ਾਸਿਤ ਜ਼ਮੀਨਾਂ ਨੂੰ ਵੇਚਣ ਦਾ ਸੁਝਾਅ ਦਿੱਤਾ ਗਿਆ ਸੀ । ਸਿੱਖ ਪੰਥ ਲਈ ਇਹ ਅਸਟੇਟ ਪਵਿੱਤਰ ਹਨ ਅਤੇ ਕੇਵਲ ਜਗਤ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਹਨ। ਕਿਸੇ ਨੂੰ ਵੀ ਗੁਰੂ ਘਰ ਦੀ ਜਾਇਦਾਦ ਵੇਚਣ ਦਾ ਅਧਿਕਾਰ ਨਹੀਂ ਹੈ।

ਸਰਨਾ ਨੇ ਸਕੂਲਾਂ ਨੂੰ ਆ ਰਹੇ ਵਿੱਤੀ ਸੰਕਟ ਲਈ ਉਨ੍ਹਾਂ ਨੂੰ ਜਵਾਬਦੇਹ ਠਹਿਰਾਂਦਿਆ ਡੀਐਸਜੀਐਮਸੀ ਪ੍ਰਧਾਨ ਹਰਮੀਤ ਸਿੰਘ ਕਾਲਕਾ, ਉਨ੍ਹਾਂ ਦੇ ਬੌਸ ਐਮਐਸ ਸਿਰਸਾ ਅਤੇ ਸਮੁੱਚੀ ਕਾਰਜਕਾਰਨੀ ਕਮੇਟੀ ਦੀਆਂ ਨਿੱਜੀ ਜਾਇਦਾਦਾਂ ਦੀ ਨਿਲਾਮੀ ਕਰਨ ਦਾ ਪ੍ਰਸਤਾਵ ਰੱਖਿਆ। ਸਰਨਾ ਨੇ ਇਸ਼ਾਰਾ ਕੀਤਾ ਕਿ ਪਾਕਿਸਤਾਨ ਨੇ 47,000 ਏਕੜ ਸਿੱਖ ਧਾਰਮਿਕ



ਜਾਇਦਾਦਾਂ ਨੂੰ ਸੁਰੱਖਿਅਤ ਰੱਖਿਆ ਹੋਇਆ ਹੈ, ਇਹ ਜ਼ੋਰ ਦੇ ਕੇ ਕਿ ਡੀਐਸਜੀਐਮਸੀ ਦੀਆਂ ਜਾਇਦਾਦਾਂ ਦੀ ਵੀ ਇਸੇ ਤਰ੍ਹਾਂ ਸੁਰੱਖਿਆ ਕੀਤੀ ਜਾਣੀ ਚਾਹੀਦੀ ਹੈ। ਕਿਉਂਕਿ ਮੌਜੂਦਾ ਹਾਲਾਤ ਉਨ੍ਹਾਂ ਦੇ ਕੁਪ੍ਰਬੰਧ ਕਾਰਨ ਇਹ ਸੰਕਟ ਪੈਦਾ ਹੋਇਆ ਹੈ ਜੋ ਕਿ ਪੰਥ ਲਈ ਵਡੀ ਨਮੋਸ਼ੀ ਹੈ ਅਤੇ ਇਸ ਨੂੰ ਹੱਲ ਕਰਨ ਲਈ ਉਨ੍ਹਾਂ ਦੀਆਂ ਨਿੱਜੀ ਜਾਇਦਾਦਾਂ ਦੀ ਨਿਲਾਮੀ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਵਲੋਂ ਕਾਰਜਕਾਰੀ ਕਮੇਟੀ ਅਤੇ ਜੀਐਚਪੀਐਸ ਦੇ ਚੇਅਰਪਰਸਨਾਂ ਵਿਰੁੱਧ ਕਾਰਵਾਈ ਦੀ ਮੰਗ ਵੀ ਕੀਤੀ ਗਈ, ਜਿਨ੍ਹਾਂ ਦੀ ਜਾਇਦਾਦ ਨੂੰ ਵੀ ਜ਼ਬਤ ਕਰਕੇ ਵੇਚਿਆ ਜਾਣਾ ਚਾਹੀਦਾ ਹੈ। ਸਰਨਾ ਨੇ ਸਿੱਟਾ ਕੱਢਿਆ, ਇਹ ਉਹਨਾਂ ਲਈ ਇੱਕ ਮਿਸਾਲ ਕਾਇਮ ਕਰੇਗਾ ਜੋ ਨਿੱਜੀ ਲਾਭ ਲਈ ਡੀਐਸਜੀਐਮਸੀ ਮੈਂਬਰਸ਼ਿਪ ਦੀ ਦੁਰਵਰਤੋਂ ਕਰਦੇ ਹਨ।

# ਯੂਰੋਪ ਦੇ ਪੁਰਤਗਾਲ ਦੀ ਸੜਕ ਤੇ ਓਕੇਰੇ ਗਏ ਖੰਡਾ ਅਤੇ ਹੋਰ ਧਰਮਾਂ ਦੇ ਧਾਰਮਿਕ ਚਿੰਨ

## ਈਐਸਓ ਨੇ ਯੂਰੋਪੀਅਨ ਪਾਰਲੀਮੈਂਟ ਮੈਂਬਰ ਕੋਲ ਚੁੱਕਿਆ ਮੁੱਦਾ

ਨਵੀਂ ਦਿੱਲੀ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਪੰਥ ਉਪਰ ਵੱਖ ਵੱਖ ਤਰੀਕਿਆਂ ਨਾਲ ਬੇਅਦਬੀ ਕਰਣ ਜਾਂ ਫਿਰ ਹੋਰ ਮਾਮਲਿਆਂ ਨਾਲ ਸੰਬੰਧਿਤ ਚੋਤਰਫਾ ਹਮਲੇ ਕੀਤੇ ਜਾ ਰਹੇ ਹਨ। ਇਦਾਂ ਦਾ ਇਕ ਮਸਲਾ ਯੂਰੋਪ ਦੇ ਪੁਰਤਗਾਲ ਤੋਂ ਦੇਖਣ ਨੂੰ ਮਿਲਿਆ ਹੈ । ਪੁਰਤਗਾਲ ਦੀ ਇਕ ਸੜਕ ਉਪਰ ਸਿੱਖ ਪੰਥ ਦੇ ਧਾਰਮਿਕ ਚਿੰਨ ਖੰਡਾ ਦੇ ਨਾਲ ਨਾਲ ਵੱਖ ਵੱਖ ਧਰਮਾਂ ਦੇ ਨਿਸ਼ਾਨ ਉਕੇਰੇ ਗਏ ਸਨ ਜਿਸ ਉਪਰ ਲੋਕ ਜੁੱਤੀਆਂ ਪਾ ਕੇ ਚਲਦੇ ਅਤੇ ਗੱਡੀਆਂ ਰਾਹੀਂ ਲੰਘਦੇ ਸਨ । ਪਿਛਲੇ ਸੱਤ ਸਾਲ ਤੋਂ ਓਥੇ ਰਹਿੰਦੇ ਸਿੱਖਾਂ ਅਤੇ ਦੂਜੇ ਧਰਮਾਂ ਦੇ ਪੈਰੋਕਾਰਾਂ ਵਲੋਂ ਵਾਰ ਵਾਰ ਕਹਿਣ ਤੇ ਵੀ ਇੰਨ੍ਹਾ ਨੂੰ ਸੜਕ ਤੋਂ ਹਟਾਇਆ ਨਹੀਂ ਜਾ ਰਿਹਾ ਸੀ । ਬੀਤੇ ਇਕ ਹਫਤੇ ਪਹਿਲਾਂ ਯੂਰੋਪੀਅਨ



ਸਿੱਖ ਓਰਗੇਨਾਇਜੈਸ਼ਨ ਦੇ ਪ੍ਰਧਾਨ ਸਰਦਾਰ ਬਿੰਦਰ ਸਿੰਘ ਕੋਲ ਲਿਸਬੋਨ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਮਨਜੀਤ ਸਿੰਘ ਰਾਹੀਂ ਇਹ ਗੱਲ ਪਹੁੰਚੀ ਉਨ੍ਹਾਂ ਤੁਰੰਤ ਇਸ ਲਈ ਪੁਰਤਗਾਲ ਦੇ ਮੈਂਬਰ ਪਾਰਲੀਮੈਂਟ ਮਾਰਤਾ ਤਮੀਦੋ ਕੋਲ ਮਿਲਣ ਦਾ ਸਮਾਂ ਲੈ ਕੇ ਉਨ੍ਹਾਂ ਅੱਗੇ ਇਸ ਨੂੰ ਸੜਕ ਤੋਂ ਤੁਰੰਤ ਹਟਵਾਉਣ ਲਈ ਮੰਗ ਪੱਤਰ ਦਿੱਤਾ । ਪਾਰਲੀਮੈਂਟ ਮੈਂਬਰ ਮਾਰਤਾ ਤਮੀਦੋ ਨੇ ਉਨ੍ਹਾਂ ਕੋਲੋਂ ਇਸ ਲਈ ਮੁਆਫੀ ਮੰਗਦਿਆ ਕਿਹਾ ਕਿ ਸਾਡਾ ਮਕਸਦ ਸਿੱਖ ਪੰਥ ਜਾਂ ਕਿਸੇ ਵੀ ਧਰਮ ਦਾ ਦਿਲ ਦੁਖਾਣਾ ਨਹੀਂ ਹੈ । ਸਾਨੂੰ ਇਕ ਹਫਤੇ ਦਾ ਸਮਾਂ ਦੋ ਅਸੀ ਇਸ ਮਸਲੇ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਾਂਗੇ। ਉਨ੍ਹਾਂ ਵਲੋਂ ਕਾਰਪੋਰੇਸ਼ਨ ਮਹਿਕਮੇ ਨਾਲ ਸੰਪਰਕ ਕਰਕੇ ਇਸ ਨੂੰ ਹਟਾਉਣ ਲਈ ਕਹਿ ਦਿੱਤਾ ਤੇ ਬੀਤੇ ਦਿਨ ਇੰਨ੍ਹਾ ਧਾਰਮਿਕ ਚਿੰਨ੍ਹਾ ਨੂੰ ਸੜਕ ਤੋਂ ਹਟਾ ਦਿੱਤਾ ਗਿਆ । ਸਰਦਾਰ ਬਿੰਦਰ ਸਿੰਘ ਨੇ ਇਸ ਤੋਂ ਪਹਿਲਾਂ ਵੀ ਸਿੱਖ ਪੰਥ ਵਿਰੁੱਧ ਭੱਦੀ ਸ਼ਬਦਾਵਲੀ ਬੋਲਣ ਵਾਲੇ ਜਰਮਨੀ ਰਹਿੰਦੇ ਅਣਪਛਾਤੇ ਇਨਸਾਨ ਵਿਰੁੱਧ ਯੂਰੋਪੀਅਨ ਪਾਰਲੀਮੈਂਟ ਰਾਹੀਂ ਨੋਟਿਸ ਜਾਰੀ ਕਰਵਾ ਕੇ ਉਸਦੀ ਮੁਹਿੰਮ ਨੂੰ ਬੰਦ ਕਰਵਾ ਦਿੱਤਾ ਸੀ ਤੇ ਅਤੇ ਕਨੈਡਾ ਵਿਖੇ ਬਿਪ੍ਰਵਾਦੀ ਤਾਕਤਾਂ ਵਲੋਂ ਕੀਤੀ ਗਈ ਹੁਲੜਬਾਜ਼ੀ ਵਿਰੁੱਧ ਵੀ ਪਾਰਲੀਮੈਂਟ ਅੰਦਰ ਸ਼ਿਕਾਇਤ ਦਰਜ਼ ਕਰਵਾਈ ਸੀ । ਭਾਈ ਬਿੰਦਰ ਸਿੰਘ, ਭਾਈ ਮਨਜੀਤ ਸਿੰਘ, ਸਰਬਜੀਤ ਸਿੰਘ ਸਾਬੀ ਅਤੇ ਜਗਦੀਪ ਸਿੰਘ ਗਰੇਵਾਲ ਨੇ ਪਾਰਲੀਮੈਂਟ ਮੈਂਬਰ ਮਾਰਤਾ ਤਮੀਦੋ ਦਾ ਇਸ ਅਤਿ ਗੰਭੀਰ ਮੁੱਦੇ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਣ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਗਿਆ ।

# ਲੇਬਨਾਨ 'ਚ ਜੰਗਬੰਦੀ ਦੇ ਅਗਲੇ ਹੀ ਦਿਨ ਇਜ਼ਰਾਈਲ ਅਤੇ ਹਿਜ਼ਬੁੱਲਾ ਨੇ ਇੱਕ ਦੂਜੇ 'ਤੇ ਜੰਗਬੰਦੀ ਨੂੰ ਤੋੜਨ ਦਾ ਲਗਾਇਆ ਦੋਸ਼

ਬੇਰੂਤ: ਲੇਬਨਾਨ 'ਚ ਜੰਗਬੰਦੀ ਦੇ ਅਗਲੇ ਹੀ ਦਿਨ ਇਜ਼ਰਾਈਲ ਅਤੇ ਹਿਜ਼ਬੁੱਲਾ ਇੱਕ ਦੂਜੇ 'ਤੇ ਸਮਝੌਤੇ ਦੀ ਉਲੰਘਣਾ ਦਾ ਦੋਸ਼ ਲਗਾ ਰਹੇ ਹਨ। ਹਿਜ਼ਬੁੱਲਾ ਦੇ ਸੰਸਦ ਮੈਂਬਰ ਹਸਨ ਫਦਲੱਲਾ ਨੇ ਕਿਹਾ- ਇਜ਼ਰਾਈਲ ਸਰਹੱਦ ਨਾਲ ਲੱਗਦੇ ਪਿੰਡਾਂ 'ਚ ਪਰਤਣ ਵਾਲਿਆਂ 'ਤੇ ਹਮਲਾ ਕਰ ਰਿਹਾ ਹੈ। ਇਜ਼ਰਾਈਲੀ ਟੈਂਕਾਂ ਨੇ ਵੀਰਵਾਰ ਨੂੰ ਸਰਹੱਦ ਦੇ ਨੇੜੇ ਦੇ ਇਲਾਕਿਆਂ 'ਤੇ ਹਮਲਾ ਕੀਤਾ।

ਰਾਈਟਰਜ਼ ਅਨੁਸਾਰ, ਹਿਜ਼ਬੁੱਲਾ ਦੀ ਕੇਂਦਰੀ ਲੀਡਰਸ਼ਿਪ ਨੇ ਇੱਕ ਬਿਆਨ ਜਾਰੀ ਕਰਕੇ ਫਲਸਤੀਨੀਆਂ ਦੇ ਸਮਰਥਨ ਵਿੱਚ ਇਜ਼ਰਾਈਲੀ ਦੁਸ਼ਮਣ ਦਾ ਵਿਰੋਧ ਜਾਰੀ ਰੱਖਣ ਦਾ ਵਾਅਦਾ ਕੀਤਾ ਹੈ। ਬਿਆਨ 'ਚ ਕਿਹਾ ਗਿਆ ਹੈ ਕਿ ਸਾਡੀਆਂ ਉਂਗਲਾਂ ਟਰਿੱਗਰ 'ਤੇ ਰੱਖੀਆਂ ਹਨ ਅਤੇ ਅਸੀਂ ਲੇਬਨਾਨ ਨਾਲ ਲੱਗਦੀ ਸਰਹੱਦ ਪਾਰ ਤੋਂ ਵੀ ਇਜ਼ਰਾਈਲੀ ਬਲਾਂ ਦੀ ਵਾਪਸੀ 'ਤੇ ਨਜ਼ਰ ਰੱਖਾਂਗੇ। ਹਿਜ਼ਬੁੱਲਾ ਦੇ ਬਿਆਨ ਵਿੱਚ ਕਿਤੇ ਵੀ ਜੰਗਬੰਦੀ ਸਮਝੌਤੇ ਦਾ ਸਿੱਧਾ ਜ਼ਿਕਰ ਨਹੀਂ ਸੀ। ਇਸ ਦੇ ਨਾਲ ਹੀ ਇਜ਼ਰਾਈਲ ਦਾ ਕਹਿਣਾ ਹੈ ਕਿ ਵਾਹਨਾਂ 'ਚ ਸਫਰ ਕਰ ਰਹੇ ਕੁਝ ਸ਼ੱਕੀ ਲੋਕ ਲੇਬਨਾਨ ਦੇ ਦੱਖਣੀ ਖੇਤਰ 'ਚ ਪਹੁੰਚ ਗਏ ਸਨ।

# ਬ੍ਰਿਟੇਨ ਦੀ ਸੰਸਦ ਵਿੱਚ ਮਨਾਇਆ ਗਿਆ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ

## ਵੱਖ ਵੱਖ ਖੇਤਰਾਂ ਵਿਚ ਕੰਮ ਕਰਣ ਵਾਲਿਆਂ ਨੂੰ ਕੀਤਾ ਗਿਆ ਸਨਮਾਨਿਤ

ਨਵੀਂ ਦਿੱਲੀ (ਮਨਪ੍ਰੀਤ ਸਿੰਘ ਖਾਲਸਾ):- ਬ੍ਰਿਟਿਸ਼ ਸਿੱਖਾਂ ਲਈ ਆਲ ਪਾਰਟੀ ਪਾਰਲੀਮੈਂਟਰੀ ਗਰੁੱਪ ਨੇ ਸਿੱਖ ਨੈੱਟਵਰਕ ਅਤੇ ਸਿੱਖ ਫੈਡਰੇਸ਼ਨ (ਯੂ.ਕੇ.) ਦੇ ਸਹਿਯੋਗ ਨਾਲ ਸੰਸਦ ਦੇ ਸਦਨਾਂ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ 8ਵਾਂ ਪ੍ਰਕਾਸ਼ ਪੁਰਬ ਮਨਾਇਆ। ਯੂਕੇ ਦੀ ਪਾਰਲੀਮੈਂਟ ਅੰਦਰ ਇਹ ਸਮਾਗਮ 2017 ਵਿੱਚ ਸ਼ੁਰੂ ਹੋਇਆ ਸੀ ਜਦੋਂ ਸਿੱਖਾਂ ਨੇ ਆਪਣੀ ਪਹਿਲੀ ਸਿੱਖ ਮਹਿਲਾ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਅਤੇ ਪਹਿਲੇ ਦਸਤਾਰਧਾਰੀ ਸਿੱਖ ਸਰਦਾਰ ਤਨਮਨਜੀਤ ਸਿੰਘ ਢੇਸੀ ਸੰਸਦ ਮੈਂਬਰ ਚੁਣੇ ਗਏ ਸਨ ।




ਇਸ ਸਮਾਗਮ ਵਿੱਚ ਬਰਤਾਨੀਆ ਭਰ ਦੇ ਸਿੱਖ ਅਤੇ ਸੰਸਦ ਮੈਂਬਰ ਹਮੇਸ਼ਾ ਹੀ ਸ਼ਾਮਲ ਹੁੰਦੇ ਹਨ। ਯੂਕੇ ਦੀ ਪਾਰਲੀਮੈਂਟ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਕੁਝ ਸਿੱਖਿਆਵਾਂ ਬਾਰੇ ਸਿਆਸੀ ਅਤੇ ਮੌਜੂਦਾ ਸੰਦਰਭ ਵਿੱਚ ਗੱਲ ਕਰਨ ਦਾ ਇਹ ਇੱਕ ਵਿਲੱਖਣ ਮੌਕਾ ਹੁੰਦਾ ਹੈ। ਸਹਿ-ਮੇਜ਼ਬਾਨ ਜਸ ਅਠਵਾਲ, ਇਲਫੋਰਡ ਸਾਊਥ ਲਈ ਲੇਬਰ ਐਮਪੀ, ਬ੍ਰਿਟਿਸ਼ ਸਿੱਖਾਂ ਲਈ ਏਪੀਪੀਜੀ ਦੇ ਨਵੇਂ ਚੇਅਰ ਸਨ, ਜਿਨ੍ਹਾਂ ਨੇ ਬਰਮਿੰਘਮ ਐਜਬੈਸਟਨ ਲਈ ਲੇਬਰ ਐਮਪੀ ਪ੍ਰੀਤ ਕੌਰ ਗਿੱਲ ਦੇ ਨਾਲ ਸਮਾਗਮ ਦੀ ਪ੍ਰਧਾਨਗੀ ਸ਼ਾਨਦਾਰ ਢੰਗ ਨਾਲ ਨਿਭਾਈ । ਸਮਾਗਮ ਦੇ ਮੁੱਖ ਬੁਲਾਰੇ ਮਨਦੀਪ ਕੌਰ ਐਮਬੀਈ ਸਨ, ਜੋ ਬ੍ਰਿਟਿਸ਼ ਆਰਮਡ ਫੋਰਸਿਜ਼ ਦੇ ਕਰਮਚਾਰੀਆਂ ਲਈ ਪਹਿਲੀ ਅਤੇ ਇਕਲੌਤੀ ਸਿੱਖ ਚੈਪਲੇਨ ਸੀ। ਦੂਜੇ ਮੁੱਖ ਬੁਲਾਰੇ ਅਵਤਾਰ ਸਿੰਘ ਖੰਡਾ ਦੇ ਪਰਿਵਾਰ ਦੀ ਨੁਮਾਇੰਦਗੀ ਕਰਨ ਵਾਲੇ ਬੈਰਿਸਟਰ ਮਾਈਕਲ ਪੋਲਕ ਸਨ। ਕੁਝ ਸੰਸਦ ਮੈਂਬਰਾਂ ਤੋਂ ਇਲਾਵਾ ਕੁਝ ਹੋਰ ਮੁੱਖ ਬੁਲਾਰੇ ਸਿੱਖ ਨੈਟਵਰਕ ਤੋਂ ਜਸ ਸਿੰਘ ਅਤੇ ਸਿੱਖ ਫੈਡਰੇਸ਼ਨ (ਯੂ.ਕੇ.) ਤੋਂ ਦਬਿੰਦਰਜੀਤ ਸਿੰਘ ਸਨ। ਲੇਬਰ ਸਿੱਖ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ (ਸਲੋਹ), ਸਤਵੀਰ ਕੌਰ (ਸਾਊਥੈਂਪਟਨ ਟੈਸਟ), ਹਰਪ੍ਰੀਤ ਕੌਰ (ਹਡਰਸਫੀਲਡ), ਵਰਿੰਦਰ ਜੱਸ (ਵੁਲਵਰਹੈਂਪਟਨ ਵੈਸਟ), ਬੈਗੀ ਸ਼ੰਕਰ (ਡਰਬੀ ਸਾਊਥ) ਅਤੇ ਸੋਨੀਆ ਕੁਮਾਰ (ਡਡਲੀ) ਤੋਂ ਮੌਜੂਦਾ ਮੈਂਬਰ ਪਾਰਲੀਮੈਂਟ ਵੀ ਇਸ ਮੌਕੇ ਹਾਜ਼ਿਰ ਸਨ । ਉਨ੍ਹਾਂ ਖੇਤਰਾਂ ਤੋਂ ਹੋਰ ਲੇਬਰ ਸੰਸਦ ਮੈਂਬਰ ਵੀ ਸਨ ਜਿੱਥੇ ਵੱਡੀ ਗਿਣਤੀ ਵਿੱਚ ਸਿੱਖ ਰਹਿੰਦੇ ਹਨ ਜਿਨ੍ਹਾਂ ਵਿੱਚ ਸਾਰਾਹ ਕੋਮਬਜ਼ (ਵੈਸਟ ਬਰੋਮਵਿਚ), ਵੈਲੇਰੀ ਵਾਜ਼ (ਵਾਲ-ਸਾਲ ਅਤੇ ਬਲੌਕਸਵਿਚ), ਸੁਰੀਨਾ ਬ੍ਰੈਕਨਰਿਜ (ਵੋਲਵਰਹੈਂਪਟਨ ਨਾਰਥ ਈਸਟ), ਡੇਰਡਰੇ ਕੋਸੀਗਨ (ਈਲਿੰਗ ਸਾਊਥਾਲ) ਅਤੇ ਡਾਕਟਰ ਲੌਰੇਨ ਸੁਲੀਵਾਨ (ਗ੍ਰੇਵਸ਼ਮ) ਸ਼ਾਮਲ ਸਨ। ਲੈਸਟਰ ਸਾਊਥ ਤੋਂ ਆਜ਼ਾਦ ਸੰਸਦ ਮੈਂਬਰ ਚੁਣੇ ਗਏ ਸ਼ੌਕਤ ਐਡਮ ਨੇ ਵੀ ਸ਼ਿਰਕਤ ਕੀਤੀ।

ਇਸ ਸਾਲ ਦਿਲਚਸਪ ਗੱਲ ਇਹ ਸੀ ਕਿ ਉਹਨਾਂ ਖੇਤਰਾਂ ਤੋਂ ਨਵੇਂ ਲੇਬਰ ਸੰਸਦ ਮੈਂਬਰਾਂ ਨੇ ਵੀ ਹਿੱਸਾ ਲਿਆ ਜਿੱਥੇ ਬਹੁਤ ਘੱਟ ਸਿੱਖ ਰਹਿੰਦੇ ਹਨ, ਜਿਵੇਂ ਕਿ ਸੈਲੀ ਜੇਮਸਨ (ਡੌਨਕਾਸਟਰ ਸੈਂਟਰਲ), ਐਂਟੋਨੀਆ ਬੈਂਸ (ਟਿਪਟਨ ਅਤੇ ਵੈਡਨਸਬਰੀ) ਅਤੇ ਜੇਮਸ ਨਾਈਸ਼ (ਰਸ਼ਕਲਿਫ) ਅਤੇ ਲਿਬਰਲ ਡੈਮੋਕਰੇਟ ਐਮਪੀ, ਮੋਨਿਕਾ ਹਾਰਡਿੰਗ (ਈਸ਼ਰ ਅਤੇ ਵਾਲਟਨ)।

ਇਸ ਸਮਾਗਮ ਵਿੱਚ ਹੋਰ ਸਮਾਨ ਸਮਾਗਮਾਂ ਤੋਂ ਵੱਖਰਾਪਣ ਸੀ ਕਿ ਸਾਰੀਆਂ ਮਾਨਤਾ ਪ੍ਰਾਪਤ ਧਿਰਾਂ ਨੂੰ ਸਨਮਾਨਿਤ ਕੀਤਾ ਗਿਆ ਸੀ । ਸਨਮਾਨ ਪ੍ਰਾਪਤ ਕਰਨ ਵਾਲਿਆਂ ਵਿਚ ਲਾਰਡ ਟੌਮ ਵਾਟਸਨ,
ਸਿੱਖਿਆ ਵਿੱਚ ਯੋਗਦਾਨ - ਗੁਰੂ ਨਾਨਕ ਗੁਰਦੁਆਰਾ, ਸਮੈਥਵਿਕ ਗੁਰਮਤਿ ਅਕੈਡਮੀ, ਗੁਰਸੇਵਕ ਸਿੰਘ ਸ਼ੇਰਗਿੱਲ (ਬ੍ਰਿਟ ਏਸ਼ੀਆ), ਐਂਗਸ ਸਕਾਟ (ਸਤਲੁਜ ਟੀ.ਵੀ.), ਮਨੁੱਖੀ ਅਧਿਕਾਰਾਂ ਵਿੱਚ ਯੋਗਦਾਨ ਲਈ ਮਾਈਕਲ ਪੋਲਕ, ਚੈਰਿਟੀ ਨਿਰਸਵਾਰਥ ਸੇਵਾ ਵਿੱਚ ਯੋਗਦਾਨ ਵਾਸਤੇ ਉਸਤਾਦ ਉਪਤੇਜ ਸਿੰਘ (ਬਾਬਾ ਫਤਿਹ ਸਿੰਘ ਗਤਖਾ ਅਖਾੜਾ),
ਮਾਨਤਾ ਪ੍ਰਾਪਤ ਸੰਸਥਾ - ਲੇਹ ਡੇ,
ਮਾਨਤਾ ਪ੍ਰਾਪਤ ਅੰਤਰਰਾਸ਼ਟਰੀ ਯੋਗਦਾਨ - ਭਾਈ ਮੋਹਿੰਦਰ ਸਿੰਘ ਜੀ ਕੈਨੇਡਾ ਅਤੇ
ਮਾਨਤਾ ਪ੍ਰਾਪਤ ਲਾਈਫਟਾਈਮ ਅਚੀਵਮੈਂਟ ਅਵਾਰਡ - ਹਰਮੰਦਰ ਸਿੰਘ ਦੇ ਨਾਮ ਹਨ ।

# ਪਾਕ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਰਨਲ ਸਕੱਤਰ ਬੀਬੀ ਸਤਵੰਤ ਕੌਰ ਦੀ ਹਾਜ਼ਿਰੀ ਵਿਚ ਕਿਤਾਬ "ਕੌਰਨਾਮਾ" ਗੁਰਦੁਆਰਾ ਸ਼ਹੀਦ ਸਿੰਘ ਸਿੰਘਣੀ ਲਾਹੌਰ ਵਿਖੇ ਕੀਤੀ ਗਈ ਜਾਰੀ

ਨਵੀਂ ਦਿੱਲੀ, (ਮਨਪ੍ਰੀਤ ਸਿੰਘ ਖਾਲਸਾ):- ਖਾੜਕੂ ਸੰਘਰਸ਼ ਦੀਆਂ ਸ਼ਹੀਦ ਬੀਬੀਆਂ ਦੀ ਗਾਥਾ ਕਿਤਾਬ "ਕੌਰਨਾਮਾ" ਗੁਰਦੁਆਰਾ ਸ਼ਹੀਦ ਸਿੰਘ ਸਿੰਘਣੀ ਲਾਹੌਰ ਵਿਖੇ ਵਿਦੇਸ਼ੀ ਸਿੱਖ ਸੰਗਤ ਵੱਲੋਂ ਜੈਕਾਰਿਆਂ ਦੀ ਗੂੰਜ ਵਿਚ ਜਾਰੀ ਕੀਤੀ ਗਈ। ਸੰਗਤਾਂ ਨੂੰ ਸੰਬੋਧਨ ਕਰਦਿਆ ਜਰਮਨੀ ਤੋਂ ਪੁੱਜੇ ਸਿੱਖ ਫੈਡਰੇਸ਼ਨ ਦੇ ਆਗੂ ਤੇ ਸ਼ਹੀਦ ਪਰਿਵਾਰਾਂ 'ਚੋਂ ਭਾਈ ਗੁਰਮੀਤ ਸਿੰਘ ਖਨਿਆਣ ਨੇ ਕਿਹਾ ਕਿ ਸ਼ਹੀਦ ਸਿੰਘਣੀ ਦੀ ਇਹ ਵਾਰਤਾ ਇਕ ਇਤਿਹਾਸਕ ਦਸਤਾਵੇਜ਼ ਹੈ। ਉਹਨਾਂ ਕਿਹਾ ਕਿ ਇਹ ਸਮੁੱਚੇ ਅਦਾਰੇ ਤੇ ਪੰਜਾਬ ਵਾਸੀਆਂ ਲਈ ਫਖ਼ਰ ਵਾਲੀ ਗੱਲ ਹੈ ਕਿ ਇਹ ਕਿਤਾਬ ਉਸ ਮਹਾਨ ਪਵਿੱਤਰ ਅਸਥਾਨ, ਜਿੱਥੇ ਸ਼ਹੀਦ ਸਿੰਘਾਂ ਤੇ ਸਿੰਘਣੀਆਂ ਨੇ ਸ਼ਹਾਦਤਾਂ ਦਿੱਤੀਆਂ, ਉਸ ਥਾਂ ਤੋਂ ਲਹਿੰਦੇ ਪੰਜਾਬ ਦੇ ਪਾਠਕਾਂ ਲਈ



ਜਾਰੀ ਕੀਤੀ ਗਈ। ਉਹਨਾਂ ਕਿਹਾ ਕਿ ਲਾਹੌਰ ਇਕ ਉਹ ਇਤਿਹਾਸਕ ਸਥਾਨ ਹੈ ਜਿਥੋਂ ਸਿੱਖ ਰਾਜ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਵੇਲੇ ਸਿੱਖ ਸਲਤਨਤ ਦੇ ਸਿੱਕੇ ਜਾਰੀ ਹੁੰਦੇ ਸਨ ਤੇ ਨੀਤੀਆਂ ਘੜੀਆਂ ਜਾਂਦੀਆਂ ਸਨ। ਵਿਦੇਸ਼ੀ ਸਿੱਖਾਂ ਨਾਲ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਰਨਲ ਸਕੱਤਰ ਬੀਬੀ ਸਤਵੰਤ ਕੌਰ ਨੇ ਕਿਤਾਬ ਜਾਰੀ ਕਰਨ ਸਮੇਂ ਕਿਹਾ ਕਿ ਇਹਨਾਂ ਖਾੜਕੂ ਸ਼ਹੀਦ ਬੀਬੀਆਂ ਨੇ ਪੁਰਾਤਨ ਸਿੰਘਣੀਆਂ ਵਾਂਗ ਬੰਦ-ਬੰਦ ਕਟਵਾ ਕੇ ਕੁਰਬਾਨੀਆਂ ਦੇ ਕੇ ਕੌਮ ਦੀ ਲੱਜਾ ਰੱਖੀ ਤੇ ਇਸ ਨੂੰ ਇਤਿਹਾਸ ਨੂੰ ਦਸਤਾਵੇਜ਼ ਦੇ ਰੂਪ ਵਿਚ ਲਿਖ ਕੇ ਸਾਂਭਣਾ ਇਕ ਚੰਗਾ ਕਾਰਜ ਹੈ। ਮੀਡੀਆ ਨੂੰ ਭੇਜੇ ਗਏ ਪ੍ਰੈਸ ਬਿਆਨ ਵਿੱਚ ਬਾਬਾ ਹਰਦੀਪ ਸਿੰਘ ਮਹਿਰਾਜ ਨੇ ਦੱਸਿਆ ਕਿ ਭਾਈ ਗੁਰਮੀਤ ਸਿੰਘ ਖਨਿਆਣ ਦੇ ਸਹਿਯੋਗ ਤੇ ਭਾਈ ਦਲਜੀਤ ਸਿੰਘ ਬਿੱਟੂ ਦੀ ਅਗਵਾਈ 'ਚ ਸੀਨੀਅਰ ਪੱਤਰਕਾਰ ਤੇ ਲੇਖਕ ਬਲਜਿੰਦਰ ਸਿੰਘ ਵੱਲੋਂ ਲਿਖੀ ਗਈ ਕਿਤਾਬ "ਕੌਰਨਾਮਾ" ਪਹਿਲੀ ਵਾਰ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੀ ਬਰਸੀ 'ਤੇ ਉਹਨਾਂ ਦੇ ਇਤਿਹ-ਾਸਕ ਨਗਰ ਤੋਂ ਜਾਰੀ ਕੀਤੀ ਗਈ, ਕਿਤਾਬ ਚਰਚਾ ਵਿਚ ਆਉਣ 'ਤੇ ਕਈ ਦੇਸ਼ਾਂ ਵਿਚ ਕਿਤਾਬ ਦੇ ਵੱਖ ਵੱਖ ਐਡੀਸ਼ਨ ਜਾਰੀ ਕੀਤੇ ਗਏ। ਇਸ ਮੌਕੇ ਸ਼ਹੀਦ ਪਰਿਵਾਰਾਂ 'ਚੋਂ ਤੇ ਜਰਮਨ ਤੋਂ ਸਿੱਖ ਫੈਡਰੇਸ਼ਨ ਦੇ ਆਗੂ ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁਖਦੇਵ ਸਿੰਘ ਹੇਰਾਂ, ਭਾਈ ਅਮਰਜੀਤ ਸਿੰਘ ਮੰਗੂਪੁਰ, ਭਾਈ ਮੱਖਣ ਸਿੰਘ ਯੂ.ਐਸ.ਏ., ਭਾਈ ਅਵਤਾਰ ਸਿੰਘ ਪੱਡਾ, ਭਾਈ ਪ੍ਰਿਥੀਪਾਲ ਸਿੰਘ ਬੈਲਜੀਅਮ, ਭਾਈ ਹਰੀ ਸਿੰਘ ਖੱਟਰ ਤੇ ਹੋਰ ਸਿੱਖ ਆਗੂ ਵੀ ਮੌਜੂਦ ਸਨ।

# ਘਰ 'ਚ ਆਟਾ ਨਹੀਂ ਰਹੇਗਾ...ਪੰਜਾਬ ਦੇ ਇਸ ਬੱਚੇ ਦੀ ਗੱਲ ਸੁਣ ਕੇ ਤੁਸੀਂ ਵੀ ਹੋ ਜਾਵੋਗੇ ਭਾਵੁਕ

ਫ਼ਿਰੋਜ਼ਪੁਰ ਨਕੋਦਰ ਮਹਿਤਪੁਰ (ਹਰਜਿੰਦਰ ਪਾਲ ਛਾਬੜਾ)- ਦੇ ਕਸਬਾ ਮਮਦੋਟ ਦੇ ਨਾਲ ਲੱਗਦੇ ਪਿੰਡ ਸੈਦਾ ਦੇ ਇੱਕ ਸਰਕਾਰੀ ਸਕੂਲ ਦੇ ਇੱਕ ਬੱਚੇ ਦੀ ਵੀਡੀਓ ਵਾਇਰਲ ਹੋਈ ਹੈ। ਜਦੋਂ ਸਕੂਲ ਵਿੱਚ ਅਧਿਆਪਕ ਬੱਚੇ ਨੂੰ ਘਰ ਦੇ ਕੰਮ ਅਤੇ ਰੋਟੀ ਖਾਣ ਬਾਰੇ ਪੁੱਛਦਾ ਹੈ ਤਾਂ ਬੱਚਾ ਕਹਿੰਦਾ ਹੈ ਕਿ ਘਰ ਵਿੱਚ ਆਟਾ ਨਹੀਂ ਹੋਵੇਗਾ... ਯਾਨੀ ਘਰ ਵਿੱਚ ਆਟਾ ਨਹੀਂ ਸੀ। ਜਿਸ ਕਾਰਨ ਉਹ ਬਿਨਾਂ ਰੋਟੀ ਖਾਧੇ ਸਕੂਲ ਆਇਆ ਸੀ, ਬੱਚੇ ਦੀ ਭਾਵੁਕ ਆਵਾਜ਼ ਵਾਲੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ ਹੈ। ਇਹ ਵੀਡੀਓ ਉਸ ਬੱਚੇ ਅੰਮ੍ਰਿਤ ਦੇ ਅਧਿਆਪਕ ਲਖਵਿੰਦਰ ਸਿੰਘ ਨੇ ਬਣਾਈ ਹੈ। ਕਈ ਮੀਡੀਆ ਹਾਊਸਾਂ ਨਾਲ ਗੱਲਬਾਤ ਦੌਰਾਨ ਅਧਿਆਪਕਾ ਨੇ ਦੱਸਿਆ ਕਿ ਵੀਡੀਓ ਬਣਾਉਣ ਤੋਂ ਬਾਅਦ ਉਹ ਖੁਦ ਵੀ ਭਾਵੁਕ ਹੋ ਗਈ ਸੀ ਅਤੇ ਜਦੋਂ ਉਸ ਨੇ ਇਹ ਵੀਡੀਓ ਆਪਣੀ ਮਾਂ ਨੂੰ ਦਿਖਾਈ ਤਾਂ ਉਹ ਵੀ ਭਾਵੁਕ ਹੋ ਗਈ।

ਫਿਰ ਜਦੋਂ ਉਸ ਨੇ ਇਹ ਵੀਡੀਓ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਪੋਸਟ ਕੀਤਾ ਤਾਂ ਇਹ ਵਾਇਰਲ ਹੋ ਗਿਆ। ਹੁਣ ਬਹੁਤ ਸਾਰੇ ਲੋਕ ਬੱਚੇ ਅੰਮ੍ਰਿਤ ਦੇ ਪਰਿਵਾਰ ਦੀ ਮਦਦ ਲਈ ਅੱਗੇ



ਆ ਰਹੇ ਹਨ। ਲੋਕ ਸੋਸ਼ਲ ਮੀਡੀਆ 'ਤੇ ਨਵੇਂ-ਨਵੇਂ ਵੀਡੀਓਜ਼ ਵੀ ਸ਼ੇਅਰ ਕਰ ਰਹੇ ਹਨ, ਜਿਸ 'ਚ ਲੋਕ ਅੰਮ੍ਰਿਤ ਦੇ ਪਰਿਵਾਰ ਦੀ ਮਦਦ ਲਈ ਪਹੁੰਚ ਰਹੇ ਹਨ। ਬੱਚੇ ਦੇ ਮਾਪੇ ਬਹੁਤ ਗਰੀਬ ਹਨ। ਜੇਕਰ ਉਸ ਦੇ ਪਿਤਾ ਨੂੰ ਕੰਮ ਮਿਲਦਾ ਹੈ ਤਾਂ ਘਰ ਦਾ ਖਾਣਾ ਬਣ ਜਾਂਦਾ ਹੈ ਅਤੇ ਜਦੋਂ ਉਸ ਨੂੰ ਕੰਮ ਨਹੀਂ ਮਿਲਦਾ ਤਾਂ ਕਈ ਵਾਰ ਉਸ ਨੂੰ ਖਾਲੀ ਪੇਟ ਸੌਣਾ ਪੈਂਦਾ ਹੈ, ਇਸ ਬੱਚੇ ਦੀ ਮਾਂ ਨੇ ਦੱਸਿਆ ਕਿ ਉਸ ਦਿਨ ਵੀ ਅਜਿਹਾ ਹੀ ਕੁਝ ਹੋਇਆ ਸੀ ਬੱਚਿਆਂ ਨੂੰ ਸਕੂਲ ਭੇਜਣ ਸਮੇਂ ਉਸ ਨੇ ਦੇਖਿਆ ਕਿ ਘਰ ਵਿੱਚ ਆਟਾ ਨਹੀਂ ਹੈ ਅਤੇ ਆਪਣੇ ਬੱਚਿਆਂ ਨੂੰ ਖੁਆਉਣ ਲਈ ਉਹ ਨੇੜੇ ਦੇ ਦੋ ਘਰਾਂ ਵਿੱਚ ਆਟਾ ਮੰਗਣ ਗਈ ਪਰ ਆਟਾ ਨਹੀਂ ਮਿਲਿਆ, ਜਿਸ ਕਾਰਨ ਉਸ ਨੂੰ ਆਪਣੇ ਪੁੱਤਰ ਅੰਮ੍ਰਿਤ ਨੂੰ ਸਕੂਲ ਭੇਜਣਾ ਪਿਆ।



# ਦੁਨੀਆਂ ਦੇ ਸੱਭ ਤੋਂ ਬਜ਼ੁਰਗ ਮਰਦ ਦੀ 112 ਸਾਲ ਦੀ ਉਮਰ ’ਚ ਮੌਤ

ਲੰਡਨ : ਦੁਨੀਆਂ ਦੇ ਸੱਭ ਤੋਂ ਬਜ਼ੁਰਗ ਮਰਦ ਜੌਨ ਅਲਫਰੈਡ ਟਿਨਿਸਵੁੱਡ ਦਾ 112 ਸਾਲ ਦੀ ਉਮਰ ’ਚ ਦੇਹਾਂਤ ਹੋ ਗਿਆ ਹੈ। ਉਨ੍ਹਾਂ ਨੇ ਲਗਭਗ ਨੌਂ ਮਹੀਨਿਆਂ ਲਈ ਸੱਭ ਤੋਂ ਬਜ਼ੁਰਗ ਮਰਦ ਹੋਣ ਦਾ ਖਿਤਾਬ ਰੱਖਿਆ ਸੀ।



ਟਿਨੀਸਵੁੱਡ ਦੇ ਪਰਵਾਰ ਨੇ ਇਕ ਬਿਆਨ ਵਿਚ ਕਿਹਾ ਕਿ ਉਸ ਦਾ ਸੋਮਵਾਰ ਨੂੰ ਉੱਤਰ-ਪਛਮੀ ਇੰਗਲੈਂਡ ਵਿਚ ਲਿਵਰਪੂਲ ਨੇੜੇ ਇਕ ਕੇਅਰ ਹੋਮ ਵਿਚ ਦਿਹਾਂਤ ਹੋ ਗਿਆ। ਉਨ੍ਹਾਂ ਦਾ ਜਨਮ 26 ਅਗੱਸਤ 1912 ਨੂੰ ਹੋਇਆ ਸੀ।

ਟਿਨਿਸਵੁੱਡ ਨੇ ਅਪਣੀ ਲੰਮੀ ਉਮਰ ਦਾ ਕਾਰਨ ‘ਪੂਰੀ ਤਰ੍ਹਾਂ ਅਪਣੀ ਕਿਸਮਤ’ ਨੂੰ ਦਸਿਆ। ਰਿਟਾਇਰਡ ਅਕਾਊਂਟੈਂਟ ਅਤੇ ਪਰਦਾਦਾ ਟਿਨਿਸਵੁੱਡ ਨੇ ਅਪ੍ਰੈਲ ’ਚ ਗਿਨੀਜ਼ ਵਰਲਡ ਰੀਕਾਰਡ ਜ਼ ਵਲੋਂ ਸੱਭ ਤੋਂ ਬਜ਼ੁਰਗ ਵਿਅਕਤੀ ਐਲਾਨੇ ਜਾਣ ’ਤੇ ਕਿਹਾ ਸੀ, ‘‘ਤੁਸੀਂ ਜਾਂ ਤਾਂ ਲੰਮੇ ਸਮੇਂ ਤਕ ਜੀਉਂਦੇ ਹੋ ਜਾਂ ਘੱਟ ਸਮੇਂ ਤਕ ਅਤੇ ਇਸ ਬਾਰੇ ਤੁਸੀਂ ਬਹੁਤ ਕੁੱਝ ਨਹੀਂ ਕਰ ਸਕਦੇ।’’

ਜੇ ਇਸ ਦਾ ਕੋਈ ਰਾਜ਼ ਸੀ, ਤਾਂ ਉਹ ਇਹ ਸੀ ਕਿ ਸੰਜਮ ਹੀ ਇਕ ਸਿਹਤਮੰਦ ਜੀਵਨ ਦੀ ਕੁੰਜੀ ਹੈ। ਉਨ੍ਹਾਂ ਨੇ ਕਦੇ ਸਿਗਰਟ ਨਹੀਂ ਪੀਤੀ, ਸ਼ਾਇਦ ਹੀ ਸ਼ਰਾਬ ਪੀਤੀ ਅਤੇ ਹਰ ਸ਼ੁਕਰਵਾਰ ਮੱਛੀ ਅਤੇ ਚਿਪਸ ਖਾਣ ਤੋਂ ਇਲਾਵਾ ਕੋਈ ਵਿਸ਼ੇਸ਼ ਖ਼ੁਰਾਕ ਨਹੀਂ ਖਾਧੀ ਸੀ।

ਉਹ ਟਾਈਟੈਨਿਕ ਦੇ ਡੁੱਬਣ ਤੋਂ ਕੁੱਝ ਮਹੀਨਿਆਂ ਬਾਅਦ ਪੈਦਾ ਹੋਏ ਸਨ। ਉਨ੍ਹਾਂ ਨੇ ਦੋ ਵਿਸ਼ਵ ਜੰਗ ਵੇਖੇ ਸਨ ਅਤੇ ਦੂਜੇ ਵਿਸ਼ਵ ਜੰਗ ’ਚ ‘ਬ੍ਰਿਟਿਸ਼ ਆਰਮੀ ਪੇ ਕੋਰ’ ’ਚ ਸੇਵਾ ਨਿਭਾਈ ਸੀ।

VACANCIES
JSR CONTRACTS LTD.
ਵੱਖ ਵੱਖ ਸ਼ਹਿਰਾਂ ਵਿੱਚ ਕੰਸਟਰਕਸ਼ਨ ਸਾਈਟ ‘ਤੇ ਕੰਮ ਕਰਨ ਵਾਲੇ ਕਾਮਿਆਂ ਦੀ ਸਾਨੂੰ ਤੁਰੰਤ ਲੋੜ ਹੈ
CONSTRUCTION BUILDERS REQUIRED ON VARIOUS SITES IN UK

**Job Description:** In this role as an experienced builder, a diverse set of responsibilities during the job consists of 37.5 hours of dedicated work per week. These encompass a wide spectrum of construction tasks, including but not limited to concrete pouring, excavation, framing, roofing, demolition, scaffolding, and the creation of various structures using materials like stone, brick, and reinforced concrete. Additionally, the role may extend to actively participating in roadwork projects and steelwork, and there might be occasions to perform various trade-related duties. Proficiency in tasks such as blueprint interpretation and equipment operation is required. A firm commitment to adhering to safety protocols, effective collaboration with both colleagues and subcontractors, strict adherence to project timelines and quality standards, and clear and concise communication skills. Annual pay is - £31,000

**Person must have CSCS, CCDO, IPAF, Driving Licence, IPAF, SSSTS, Asbestos Awareness and Manual Handling. Overseas candidates must do UK construction industry standard qualifications on arrival and before joining the job.**

Contact Mr. Randhawa via email below:
Email: jsrcontractslimited@gmail.com

# ਪੰਜਾਬ ਵਿੱਚ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਦਾ ਐਲਾਨ

## ਭਾਜਪਾ ਨੇ ਲਿਖੀ ਚਿੱਠੀ

ਚੰਡੀਗੜ੍ਹ : ਰਾਜ ਚੋਣ ਕਮਿਸ਼ਨ ਪੰਜਾਬ ਵਿੱਚ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਦੇ ਪ੍ਰੋਗਰਾਮ ਦਾ ਐਲਾਨ ਕਿਸੇ ਵੀ ਸਮੇਂ ਕਰ ਸਕਦਾ ਹੈ। ਸਰਕਾਰ ਨੇ ਕਮਿਸ਼ਨ ਨੂੰ ਕਿਹਾ ਹੈ ਕਿ ਦਸੰਬਰ ਦੇ ਅੰਤ ਤੱਕ ਚੋਣਾਂ ਕਰਵਾਈਆਂ ਜਾਣਗੀਆਂ। ਹੁਣ ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਇਸ ਮਾਮਲੇ ਵਿੱਚ ਚੋਣ ਕਮਿਸ਼ਨ ਨੂੰ ਪੱਤਰ ਲਿਖਿਆ ਹੈ। ਇਹ ਵੀ ਕਿਹਾ ਗਿਆ ਹੈ ਕਿ 12 ਦਸੰਬਰ ਤੋਂ 31 ਦਸੰਬਰ ਤੱਕ ਸ਼ਹੀਦੀ ਪੰਦਰਵਾੜਾ ਮਨਾਇਆ ਜਾ ਰਿਹਾ ਹੈ ਅਤੇ 6 ਜਨਵਰੀ ਨੂੰ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਜਾ ਰਿਹਾ ਹੈ। ਅਜਿਹੇ 'ਚ ਨਗਰ ਨਿਗਮ ਚੋਣਾਂ ਦਾ ਸ਼ਡਿਊਲ ਬਣਾਉਂਦੇ ਸਮੇਂ ਇਨ੍ਹਾਂ ਪਵਿੱਤਰ ਦਿਹਾੜਿਆਂ ਨੂੰ ਧਿਆਨ 'ਚ ਰੱਖਣਾ ਚਾਹੀਦਾ ਹੈ। ਕਿਉਂਕਿ ਇਨ੍ਹਾਂ ਵਿੱਚ ਬਹੁਤ ਸਾਰੇ ਲੋਕ ਸ਼ਾਮਲ ਹੁੰਦੇ ਹਨ। ਅਜਿਹੀ ਸਥਿਤੀ ਵਿੱਚ, ਲੋਕਾਂ ਨੂੰ ਅਸੁਵਿਧਾ ਹੋਵੇਗੀ ਅਤੇ ਇਨ੍ਹਾਂ ਮਹੱਤਵਪੂਰਨ ਰਸਮਾਂ ਦੀ ਪਵਿੱਤਰਤਾ ਦੀ ਉਲੰਘਣਾ ਹੋਵੇਗੀ। ਅਜਿਹੇ 'ਚ ਵੋਟਿੰਗ ਵੀ ਪ੍ਰਭਾਵਿਤ ਹੋਵੇਗੀ।

# ਟਰੰਪ ਨੇ ਜ਼ੁਕਰਬਰਗ ਨੂੰ ਡਿਨਰ ਲਈ ਘਰ ਬੁਲਾਇਆ

ਵਾਸ਼ਿੰਗਟਨ- ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਬੁੱਧਵਾਰ ਨੂੰ ਫੇਸਬੁੱਕ ਦੇ ਸੀਈਓ ਮਾਰਕ ਜ਼ੁਕਰਬਰਗ ਨਾਲ ਮੁਲਾਕਾਤ ਕੀਤੀ। ਜ਼ੁਕਰਬਰਗ, ਜਿਸ ਨੂੰ ਟਰੰਪ ਨੇ ਇਕ ਵਾਰ ਜੇਲ੍ਹ ਭੇਜਣ ਦੀ ਧਮਕੀ ਦਿੱਤੀ ਸੀ, ਨੇ ਉਨ੍ਹਾਂ ਨੂੰ ਫਲੋਰੀਡਾ ਵਿਚ ਆਪਣੇ ਰਿਜ਼ੋਰਟ ਮਾਰ-ਏ-ਲਾਗੋ ਵਿਚ ਰਾਤ ਦੇ ਖਾਣੇ ਲਈ ਸੱਦਾ ਦਿੱਤਾ ਸੀ। ਟਰੰਪ ਦੇ ਦੂਜੇ ਕਾਰਜਕਾਲ ਲਈ ਡਿਪਟੀ ਚੀਫ ਆਫ ਸਟਾਫ ਨਿਯੁਕਤ ਕੀਤੇ ਗਏ ਸਟੀਫਨ ਮਿਲਰ ਨੇ ਇਹ ਜਾਣਕਾਰੀ ਦਿੱਤੀ।



ਮਿਲਰ ਨੇ ਕਿਹਾ ਕਿ ਜ਼ੁਕਰਬਰਗ ਹੋਰ ਕਾਰੋਬਾਰੀਆਂ ਵਾਂਗ ਟਰੰਪ ਦੀਆਂ ਆਰਥਿਕ ਯੋਜਨਾਵਾਂ ਦਾ ਸਮਰਥਨ ਕਰਨਾ ਚਾਹੁੰਦੇ ਹਨ। ਟਰੰਪ ਦੇ ਨਾਲ ਖਰਾਬ ਸਬੰਧਾਂ ਤੋਂ ਬਾਅਦ, ਤਕਨੀਕੀ ਸੀਈਓ ਆਪਣੀ ਕੰਪਨੀ ਦਾ ਅਕਸ ਬਦਲਣ ਦੀ ਕੋਸ਼ਿਸ਼ ਕਰ ਰਹੇ ਹਨ।

ਫੌਕਸ ਨਿਊਜ਼ ਨਾਲ ਇੱਕ ਇੰਟਰਵਿਊ ਵਿੱਚ, ਮਿਲਰ ਨੇ ਕਿਹਾ ਕਿ ਸਪੱਸ਼ਟ ਤੌਰ 'ਤੇ, ਮਾਰਕ ਦੇ ਆਪਣੇ ਹਿੱਤ ਹਨ, ਉਨ੍ਹਾਂ ਦੀ ਆਪਣੀ ਕੰਪਨੀ ਹੈ ਅਤੇ ਉਨ੍ਹਾਂ ਦਾ ਆਪਣਾ ਏਜੰਡਾ ਹੈ, ਪਰ ਉਨ੍ਹਾਂ ਨੇ ਸਪੱਸ਼ਟ ਕੀਤਾ ਹੈ ਕਿ ਉਹ ਟਰੰਪ ਦੀ ਅਗਵਾਈ ਵਿੱਚ ਅਮਰੀਕਾ ਦੇ ਰਾਸ਼ਟਰੀ ਵਿਕਾਸ ਦਾ ਸਮਰਥਨ ਕਰਨਾ ਚਾਹੁੰਦੇ ਹਨ।

ਜਨਵਰੀ 2021 ਵਿੱਚ ਯੂਐੱਸ ਕੈਪੀਟਲ ਵਿੱਚ ਹਿੰਸਾ ਤੋਂ ਬਾਅਦ ਮਾਰਕ ਜ਼ੁਕਰਬਰਗ ਨੇ ਟਰੰਪ ਦੇ ਫੇਸਬੁੱਕ ਅਤੇ ਇੰਸਟਾਗ੍ਰਾਮ ਅਕਾਊਂਟਸ ਉੱਤੇ ਪਾਬੰਦੀ ਲਗਾ ਦਿੱਤੀ ਸੀ। ਇਹ ਪਾਬੰਦੀ 2 ਸਾਲ ਬਾਅਦ 2023 ਵਿੱਚ ਹਟਾਈ ਗਈ ਸੀ। ਇਸ ਕਾਰਨ ਟਰੰਪ ਅਤੇ ਜ਼ੁਕਰਬਰਗ ਦੇ ਰਿਸ਼ਤੇ ਵਿਗੜ ਗਏ ਸਨ।

ਵਿਆਹ, ਪਾਰਟੀਆਂ ਤੇ ਹਰ ਤਰ੍ਹਾਂ ਦੇ ਸਮਾਗਮਾਂ ਲਈ ਹੰਸਲੋ ਵਿਖੇ ਸ਼ਾਨਦਾਰ ਟਿਕਾਣਾ
ਕਿੰਗਜ਼ਵੇਅ ਬੈਂਕਿਊਟਿੰਗ ਸੂਈਟ
ਸਾਡੇ ਤਾਜ਼ਾ ਤੇ ਵੰਨ-ਸੁਵੰਨੇ ਖਾਣਿਆਂ ਦੀ ਚੋਣ ਤੁਹਾਡੀ ਤੇ ਸੇਵਾ ਸਾਡੀ
ਹਰ ਤਰ੍ਹਾਂ ਦੀਆਂ ਪਾਰਟੀਆਂ ਲਈ ਹਾਲ ਮੁਫ਼ਤ!
ਕਿਸੇ ਵੀ ਤਰ੍ਹਾਂ ਦੀ ਪਾਰਟੀ ਦਾ ਆਯੋਜਨ ਕਰਨ ਤੋਂ ਪਹਿਲਾਂ ਇਕ ਵਾਰ ਸਾਡੇ ਨਾਲ ਗੱਲ ਜ਼ਰੂਰ ਕਰੋ।
ਸਾਡੀ ਵਧੀਆ ਅਤੇ ਸ਼ਾਨਦਾਰ ਸਰਿਵਸ ਦੇਖ ਕੇ ਤੁਹਾਡੇ ਮਹਿਮਾਨ ਅਸ਼-ਅਸ਼ ਕਰ ਉਠਣਗੇ ।
ਵਿਆਹ ਮੌਕੇ ਗੁਰਦੁਆਰਾ ਸਾਹਿਬ ਵਿਖੇ ਸਵੇਰ ਦੀ ਚਾਹ ਨਾਲ ਤਾਜ਼ਾ ਸਮੋਸੇ, ਪਕੌੜੇ, ਸਪਰਿੰਗ ਰੋਲ ਤੇ ਤੁਹਾਡੀ ਮਨਪਸੰਦ ਮਿਠਿਆਈ ਬਹੁਤ ਰਿਆਇਤੀ ਭਾਅ ਤੇ ਉਪਲਬਧ ਕਰਦੇ ਹਾਂ !
ਅੱਜ ਹੀ ਸੰਪਰਕ ਕਰੋ ਤੇ ਖਾਣਿਆਂ ਦੇ ਬਾਦਸ਼ਾਹ
ਸਵ: ਉਮਰਾਓ ਅਟਵਾਲ ਦੇ 40 ਸਾਲਾ ਤਜ਼ਰਬੇ ਦਾ ਲਾਭ ਉਠਾਓ
ਯੂ.ਕੇ. ‘ਚ ਲੱਡੂਆਂ ਦੇ ਸਭ ਤੋਂ ਮਾਹਿਰ

ਸਵ: ਸ੍ਰ. ਉਮਰਾਓ ਅਟਵਾਲ
KINGSWAY BANQUETING SUITE
270-272 BATH ROAD, HOUNSLOW, MIDDLESEX, TW4 7DF.
(OPP. HOUNSLOW WEST TUBE STATION)
TEL: 020 8570 8351
Email: Kingswaylondon@icloud.com, www.kingswaybanqueting.com

# ਹਸੀਨਾ ਖ਼ਿਲਾਫ਼ ਕੌਮਾਂਤਰੀ ਅਪਰਾਧ ਅਦਾਲਤ ਵਿੱਚ ਮੁਕੱਦਮਾ ਚਲਾਉਣ ਦੀ ਮੰਗ



ਢਾਕਾ- ਬੰਗਲਾਦੇਸ਼ ਨੇ ਅਹੁਦੇ ਤੋਂ ਹਟਾਈ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਖ਼ਿਲਾਫ਼ ਕੌਮਾਂਤਰੀ ਅਪਰਾਧ ਅਦਾਲਤ 'ਚ ਮੁਕੱਦਮਾ ਚਲਾਉਣ ਦੀ ਮੰਗ ਕੀਤੀ ਹੈ, ਜਦਕਿ ਉਨ੍ਹਾਂ ਨੂੰ ਮਨੁੱਖਤਾ ਖ਼ਿਲਾਫ਼ ਅਪਰਾਧ ਦੇ ਦੋਸ਼ ਹੇਠ ਘਰੇਲੂ ਟ੍ਰਿਬਿਊਨਲ 'ਚ ਮੁਕੱਦਮੇ ਦਾ ਸਾਹਮਣਾ ਕਰਨਾ ਪਿਆ ਸੀ। ਇਹ ਜਾਣਕਾਰੀ ਅੱਜ ਅੰਤਰਿਮ ਸਰਕਾਰ ਦੇ ਮੁਖੀ ਮੁਹੰਮਦ ਯੂਨੁਸ ਦੇ ਦਫ਼ਤਰ ਨੇ ਦਿੱਤੀ। ਮੁੱਖ ਸਲਾਹਕਾਰ ਦੇ ਪ੍ਰੈੱਸ ਵਿੰਗ ਦੇ ਅਧਿਕਾਰੀ ਨੇ ਕਿਹਾ, 'ਮੁੱਖ ਸਲਾਹਕਾਰ ਯੂਨੁਸ ਨੇ ਕੌਮਾਂਤਰੀ ਅਪਰਾਧ ਅਦਾਲਤ (ਆਈਸੀਸੀ) ਦੇ ਵਕੀਲ ਕਰੀਮ ਏ ਖਾਨ ਨਾਲ ਮੁਲਾਕਾਤ ਕਰਕੇ ਹਸੀਨਾ ਦੇ ਮੁਕੱਦਮੇ ਦੇ ਮੁੱਦੇ 'ਤੇ ਚਰਚਾ ਕੀਤੀ।' ਉਨ੍ਹਾਂ ਕਿਹਾ ਕਿ ਯੂਨੁਸ ਨੇ ਬੀਤੇ ਦਿਨ ਖਾਨ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਨੂੰ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਸ਼ੇਖ ਹਸੀਨਾ ਅਤੇ ਉਨ੍ਹਾਂ ਦੇ ਸਹਿਯੋਗੀਆਂ ਖ਼ਿਲਾਫ਼ ਪਿਛਲੇ 15 ਸਾਲਾਂ ਦੌਰਾਨ ਲੋਕਾਂ ਨੂੰ ਗਾਇਬ ਕਰਨ ਦੇ ਦੋਸ਼ਾਂ ਨੂੰ ਅੱਗੇ ਵਧਾਉਣ ਦਾ ਇਰਾਦਾ ਰਖਦੀ ਹੈ।

# ਕੈਨੇਡਾ: ਪੱਕੇ ਹੋਣ ਲਈ ਐੱਲਐੱਮਆਈਏ ਦਾ ਰਾਹ ਵੀ ਹੋਵੇਗਾ ਬੰਦ

## ਐੱਲਐੱਮਆਈਏ ਰਾਹੀਂ ਮਿਲਣ ਵਾਲੇ 50 ਵਾਧੂ ਅੰਕਾਂ ਦੀ ਸਹੂਲਤ ਖ਼ਤਮ ਕਰਨ 'ਤੇ ਵਿਚਾਰ ਕਰ ਰਹੀ ਹੈ ਸਰਕਾਰ



ਵਿਨੀਪੈਗ- ਕੈਨੇਡਾ ਸਰਕਾਰ ਆਏ ਦਿਨ ਸਖ਼ਤ ਫ਼ੈਸਲੇ ਲੈ ਕੇ ਪੰਜਾਬੀਆਂ ਦੀਆਂ ਮੁਸ਼ਕਲਾਂ ਵਧਾਉਂਦੀ ਜਾ ਰਹੀ ਹੈ। ਹੁਣ ਪੰਜਾਬੀਆਂ ਦੇ ਕੈਨੇਡਾ ਵਿਚ ਪੱਕੇ ਹੋਣ ਦਾ ਆਖ਼ਰੀ ਰਾਹ ਲੇਬਰ ਮਾਰਕੀਟ ਇੰਪੈਕਟ ਅਸੈਸਮੈਂਟਸ (ਐੱਲਐੱਮਆਈਏ) ਵੀ ਬੰਦ ਕੀਤਾ ਜਾ ਰਿਹਾ ਹੈ। ਇਮੀਗ੍ਰੇਸ਼ਨ ਮੰਤਰੀ ਮਾਰਕ ਮਿਲਰ ਨੇ ਕਿਹਾ ਕਿ ਕੈਨੇਡੀਅਨ ਪੀਆਰ ਲਈ ਐੱਲਐੱਮਆਈਏ ਦੀ ਵੱਡੇ ਪੱਧਰ 'ਤੇ ਦੁਰਵਰਤੋਂ ਹੋ ਰਹੀ ਹੈ ਅਤੇ ਫੈਡਰਲ ਸਰਕਾਰ ਇਸ ਰਾਹੀਂ ਮਿਲਣ ਵਾਲੇ 50 ਵਾਧੂ ਅੰਕਾਂ ਦੀ ਸਹੂਲਤ ਖ਼ਤਮ ਕਰਨ 'ਤੇ ਵਿਚਾਰ ਕਰ ਰਹੀ ਹੈ। ਲੇਬਰ ਮਾਰਕੀਟ ਇੰਪੈਕਟ ਅਸੈਸਮੈਂਟਸ ਦੇ ਨਾਂ 'ਤੇ ਲੋਕਾਂ ਨੂੰ ਠੱਗਿਆ ਜਾ ਰਿਹਾ ਹੈ ਅਤੇ ਕਾਲਾ ਬਾਜ਼ਾਰੀ ਕਰਦਿਆਂ ਇਕ ਕਾਗ਼ਜ਼ ਲਈ 70 ਹਜ਼ਾਰ ਡਾਲਰ ਤੱਕ ਦੀ ਮੰਗ ਕੀਤੀ ਜਾ ਰਹੀ ਹੈ। ਇਸ ਦੇ ਮੱਦੇਨਜ਼ਰ ਕੈਨੇਡਾ ਸਰਕਾਰ ਇਮੀਗ੍ਰੇਸ਼ਨ ਨਿਯਮਾਂ ਵਿਚ ਸਖ਼ਤੀ ਕਰਨ ਲਈ ਮਜਬੂਰ ਹੋ ਰਹੀ ਹੈ। ਪ੍ਰਾਪਤ ਜਾਣਕਾਰੀ ਮੁਤਾਬਕ ਫ਼ਰਜ਼ੀ ਨੌਕਰੀਆਂ ਲਈ ਐੱਲਐੱਮਆਈਏ ਤਿਆਰ ਕਰਵਾਏ ਜਾਂਦੇ ਹਨ ਅਤੇ ਨੌਜਵਾਨਾਂ ਦਾ ਵੱਡੇ ਪੱਧਰ 'ਤੇ ਸ਼ੋਸ਼ਣ ਕੀਤਾ ਜਾਂਦਾ ਹੈ। ਇਸ ਵੇਲੇ ਕੈਨੇਡੀਅਨ ਪੀਆਰ ਲਈ ਸੀਆਰਐੱਸ ਸਕੋਰ 500 ਤੋਂ ਉੱਤੇ ਚੱਲ ਰਿਹਾ ਹੈ ਅਤੇ ਐੱਲਐੱਮਆਈਏ ਦੇ 50 ਵਾਧੂ ਅੰਕ ਪੀਆਰ ਦਿਵਾਉਣ 'ਚ ਕਾਰਗਰ ਸਾਬਤ ਹੁੰਦੇ ਹਨ ਪਰ ਜ਼ਿਆਦਾਤਰ ਮਾਮਲਿਆਂ ਵਿਚ ਇਸ ਸਹੂਲਤ ਦੀ ਵਰਤੋਂ ਠੱਗੀ ਲਈ ਕੀਤੀ ਜਾ ਰਹੀ ਹੈ।


## ਗੁਰੂ ਨਾਨਕ ਗੁਰਦੁਆਰਾ ਹੋਲੀ ਬੋਨਜ਼, ਲੈਸਟਰ ਵਿਖੇ ਇਕ ਕੀਰਤਨੀ ਸਿੰਘ ਦੀ ਤੁਰੰਤ ਲੋੜ ਹੈ

ਗੁਰੂ ਨਾਨਕ ਗੁਰਦੁਆਰਾ ਸਾਹਿਬ ਲੈਸਟਰ ਵਿਖੇ ਇੱਕ ਕੀਰਤਨੀ ਸਿੰਘ (ਟੀਅਰ ਪੰਜ) ਧਾਰਮਿਕ ਸੇਵਾਦਾਰ ਦੀ ਤੁਰੰਤ ਲੋੜ ਹੈ। ਸੇਵਾਦਾਰ ਲਈ ਕੀਰਤਨ ਕਰਨ ਦੇ ਨਾਲ ਨਾਲ ਗੁਰਦੁਆਰਾ ਸਾਹਿਬ ਵਿਖੇ ਚੱਲ ਰਹੀਆਂ ਹੋਰ ਸੇਵਾਵਾਂ, ਜਿਵੇਂ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰਨਾ, ਨਿੱਤਨੇਮ ਦੀ ਸੇਵਾ, ਸੁਖਮਨੀ ਸਾਹਿਬ ਦਾ ਪਾਠ, ਸਹਿਜ ਪਾਠ, ਸ੍ਰੀ ਅਖੰਡ ਪਾਠ ਸਾਹਿਬ ਆਦਿ ਸੇਵਾਵਾਂ ਵਿੱਚ ਸ਼ਾਮਿਲ ਹੋਣਾ ਜ਼ਰੂਰੀ ਹੈ। ਉਹਨਾਂ ਦੇ ਕੋਲ ਸਿੱਖ ਧਰਮ ਰਹਿਤ ਮਰਯਾਦਾ ਬਾਰੇ ਗਿਆਨ ਹੋਣਾ ਲਾਜ਼ਮੀ ਹੈ। ਕੰਮ ਮੁਤਾਬਕ ਵਧੀਆ ਤਨਖਾਹ, ਰਿਹਾਇਸ਼ ਮੁਫ਼ਤ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

ਨੋਟ:- ਯੂ ਕੇ ਵਿੱਚ ਕੰਮ ਕਰਨ ਦੀ ਕਾਨੂੰਨੀ ਆਗਿਆ ਹੋਣੀ ਜ਼ਰੂਰੀ ਹੈ।

ਪੂਰੇ ਵੇਰਵੇ ਸਮੇਤ ਅਰਜ਼ੀਆਂ ਹੇਠਾਂ ਦਿੱਤੇ ਪਤੇ 'ਤੇ 21 ਦਸੰਬਰ 2024 ਤੱਕ ਭੇਜੋ।
ਹੋਰ ਜਾਣਕਾਰੀ ਲਈ ਗੁਰੂ ਘਰ ਦੇ ਮੁੱਖ ਸੇਵਾਦਾਰ ਸ: ਅਜਮੇਰ ਸਿੰਘ ਬਸਰਾ ਨਾਲ ਹੇਠਾਂ ਦਿੱਤੇ ਨੰਬਰਾਂ 'ਤੇ ਸੰਪਰਕ ਕਰ ਸਕਦੇ ਹੋ:

### 1 VACANCY for Religious Worker (Tier-5)

1 Religious worker (Kirtanee Singh) required at Guru Nanak Gurdwara, Holy Bones, Leicester. He Must have sufficient experience to do the Paath reciting Guru Granth Sahib with good command, and also he must know to do the Kirtan (Singing Holy Hyms) and play Tabla (drums). He will be complimenting an existing team of Gyanis who are currently in Gurdwara. He would be performing all the Gurdwara duties as per our requirements. Accommodation free and minimum wages according to work and uk employment law.

**NOTE:- Must have Right to Work in uk.**

**Please send your applications to president Mr. Ajmer Singh Basra on address given below. or to Mr. Gurdip Singh Pabla Gen/Sec 07887 395949**
**Closing Date: 21st December 2024**

**GURU NANAK GURDWARA**
9 Holy Bones Leicester, LE1 4LJ, U.K. (Tel: 0116 2517460)
PLEASE CONTACT: President Mr. Ajmer Singh Basra - 07855 310806



## ਸੈਂਟਰਲ ਗੁਰਦੁਆਰਾ ਗਾਲਸਗੋ ਵਿਖੇ ਤਿੰਨ ਧਾਰਮਿਕ ਸੇਵਾਦਾਰਾਂ ਦੀ ਤੁਰੰਤ ਲੋੜ ਹੈ

### EXPERIENCED SIKH RELIGIOUS WORKERS REQUIRED-3 POSITIONS

ਸੈਂਟਰਲ ਗੁਰਦੁਆਰਾ ਸਾਹਿਬ ਸਲਾਸਗੋ ਵਿਖੇ ਤਿੰਨ ਕੀਰਤਨੀ ਸਿੰਘਾਂ (ਟੀਅਰ ਪੰਜ) ਧਾਰਮਿਕ ਸੇਵਾਦਾਰਾਂ ਦੀ ਤੁਰੰਤ ਲੋੜ ਹੈ। ਸੇਵਾਦਾਰਾਂ ਲਈ ਕੀਰਤਨ ਕਰਨ ਦੇ ਨਾਲ ਨਾਲ ਗੁਰਦੁਆਰਾ ਸਾਹਿਬ ਵਿਖੇ ਚੱਲ ਰਹੀਆਂ ਹੋਰ ਸੇਵਾਵਾਂ, ਜਿਵੇਂ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰਨਾ, ਨਿੱਤਨੇਮ ਦੀ ਸੇਵਾ, ਸੁਖਮਨੀ ਸਾਹਿਬ ਦਾ ਪਾਠ, ਸਹਿਜ ਪਾਠ, ਸ੍ਰੀ ਅਖੰਡ ਪਾਠ ਸਾਹਿਬ ਆਦਿ ਸੇਵਾਵਾਂ ਵਿੱਚ ਸ਼ਾਮਿਲ ਹੋਣਾ ਜ਼ਰੂਰੀ ਹੈ। ਉਹਨਾਂ ਦੇ ਕੋਲ ਸਿੱਖ ਧਰਮ ਰਹਿਤ ਮਰਯਾਦਾ ਬਾਰੇ ਗਿਆਨ ਹੋਣਾ ਲਾਜ਼ਮੀ ਹੈ। ਕੰਮ ਮੁਤਾਬਕ ਵਧੀਆ ਤਨਖਾਹ, ਰਿਹਾਇਸ਼ ਮੁਫ਼ਤ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

ਨੋਟ:- ਯੂ ਕੇ ਵਿੱਚ ਕੰਮ ਕਰਨ ਦੀ ਕਾਨੂੰਨੀ ਆਗਿਆ ਹੋਣੀ ਜ਼ਰੂਰੀ ਹੈ।

ਬਿਨੈਕਾਰ ਆਪਣੀਆਂ ਅਰਜ਼ੀਆਂ ੨੧ ਦਸੰਬਰ ੨੦੨੪ ਤੋਂ ਪਹਿਲਾਂ ਭੇਜਣ

- **Perform daily duties including tending to the holy scriptures**
- **Prepare Parshaad (sweet offering)**
- **Assist in Paath seva (reading scriptures) and other seva at darbar hall in a Non-pastoral role**
- **Change Maharaaj Ji bastar daily**
- **Maintain a clean and tidy Darbar Sahib (main prayer hall) and Sachkhand Sahib (residence for holy scriptures)**
- **Undertake duties both within the Gurdwara Sahib and at the instruction of the management externally**
- **Ensure that the use of utilities / facilities / equipment of SGSSH (by them or others) is not excessive and / or abusive**
- **Must have the right to work in the UK.**

Closing Date: *Please send your application before 21st December 2024.*

**PLEASE MAKE YOUR APPLICATION IN WRITING BY EMAIL TO**
**pritpal_singh_khaira@hotmail.com**

**CENTRAL GURDWARA GLASGOW**
**174 BERKELEY STREET, GLASGOW G3 7HY**

# ਕੈਨੇਡੀਅਨ ਅਧਿਕਾਰੀ ਸੁਣ ਰਹੇ ਹਨ ਭਾਰਤੀ ਅਧਿਕਾਰੀਆਂ ਦੇ ਨਿੱਜੀ ਸੰਦੇਸ਼



ਵਿਦੇਸ਼ ਮੰਤਰਾਲੇ ਨੇ ਵੀਰਵਾਰ ਨੂੰ ਸੰਸਦ ਨੂੰ ਦੱਸਿਆ ਕਿ ਕੈਨੇਡਾ ਦੇ ਵੈਨਕੂਵਰ ਸਥਿਤ ਭਾਰਤੀ ਵਣਜ ਦੂਤਘਰ ਦੇ ਅਧਿਕਾਰੀਆਂ ਦੇ 'ਆਡੀਓ-ਵੀਡੀਓ' ਸੰਦੇਸ਼ਾਂ ਦੀ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਇਹ ਅਜੇ ਵੀ ਜਾਰੀ ਹੈ। ਉਸ ਦੇ ਨਿੱਜੀ ਸੰਦੇਸ਼ ਵੀ ਪੜ੍ਹੇ ਜਾ ਰਹੇ ਸਨ। ਕੈਨੇਡਾ ਦੇ ਅਧਿਕਾਰੀਆਂ ਨੇ ਖੁਦ ਇਸ ਦੀ ਜਾਣਕਾਰੀ ਭਾਰਤੀ ਅਧਿਕਾਰੀਆਂ ਨੂੰ ਦਿੱਤੀ ਹੈ।

ਰਿਪੋਟਰ ਮੁਤਾਬਕ ਵਿਦੇਸ਼ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਕਿਹਾ ਕਿ ਭਾਰਤ ਸਰਕਾਰ ਨੇ 2 ਨਵੰਬਰ ਨੂੰ ਟਰੂਡੋ ਸਰਕਾਰ ਨੂੰ ਇਸ ਬਾਰੇ ਸ਼ਿਕਾਇਤ ਕਰਦੇ ਹੋਏ ਇੱਕ ਨੋਟ ਭੇਜਿਆ ਸੀ ਅਤੇ ਇਸ ਨੂੰ ਕੂਟਨੀਤਕ ਵਿਵਸਥਾਵਾਂ ਦੀ ਉਲੰਘਣਾ ਦੱਸਿਆ ਸੀ। ਕੀਰਤੀ ਵਰਧਨ ਸਿੰਘ ਨੇ ਰਾਜ ਸਭਾ ’ਚ ਇੱਕ ਲਿਖਤੀ ਸਵਾਲ ਦੇ ਜਵਾਬ ਵਿੱਚ ਇਹ ਜਾਣਕਾਰੀ ਦਿੱਤੀ। ਉਸ ਨੂੰ ਪੁੱਛਿਆ ਗਿਆ ਕਿ ਕੀ ਉਨ੍ਹਾਂ ਨੂੰ ਕੈਨੇਡਾ ’ਚ ਭਾਰਤੀ ਡਿਪਲੋਮੈਟਿਕ ਅਧਿਕਾਰੀਆਂ 'ਤੇ ਸਾਈਬਰ ਨਿਗਰਾਨੀ ਜਾਂ ਕਿਸੇ ਹੋਰ ਤਰ੍ਹਾਂ ਦੀ ਨਿਗਰਾਨੀ ਦੀ ਕਿਸੇ ਘਟਨਾ ਦੀ ਜਾਣਕਾਰੀ ਹੈ ?

# ਦਿੱਲੀ ਕਮੇਟੀ ਦਾ ਜੁਆਇੰਟ ਸਕੱਤਰ ਜਸਮੇਨ ਨੋਨੀ ਦੇ ਰਿਹਾ ਜਾਨੋਂ ਮਾਰਣ ਦੀ ਧਮਕੀ, ਗੰਨਮੈਨ ਲਏ ਜਾਣ ਵਾਪਸ: ਬੱਬਰ

## ਕਮੇਟੀ ਮੈਂਬਰ ਵਿਰੁੱਧ ਡੀਸੀਪੀ ਨੂੰ ਦਿੱਤੀ ਗਈ ਸ਼ਿਕਾਇਤ

ਨਵੀਂ ਦਿੱਲੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਤੇ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਸਕੱਤਰ ਜਨਰਲ ਸ. ਸੁਖਵਿੰਦਰ ਸਿੰਘ ਬੱਬਰ ਵੱਲੋਂ ਦਿੱਲੀ ਕਮੇਟੀ ਦੇ ਜੁਆਇੰਟ ਸਕੱਤਰ ਜਸਮੇਨ ਸਿੰਘ ਨੋਨੀ ਖ਼ਿਲਾਫ਼ ਸ਼ਹਾਦਰਾਂ ਦੇ ਡੀ.ਸੀ.ਪੀ ਨੂੰ ਸ਼ਿਕਾਇਤ ਦਿੱਤੀ ਗਈ ਹੈ । ਜਿਸ ਵਿੱਚ ਉਹਨਾਂ ਰਸਤਾ ਰੋਕਣ , ਜਾਨੋ ਮਾਰਨ ਦੀਆਂ ਧਮਕੀਆਂ ਦੇਣ ਅਤੇ ਮਾਣਹਾਨੀ ਵਰਗੇ ਦੋਸ਼ ਲਗਾਏ ਗਏ ਹਨ ।



ਬੀਤੇ ਦਿਨ ਕੀਤੀ ਗਈ ਪ੍ਰੈਸ ਕੋਨਫਰੰਸ ਵਿਚ ਉਨ੍ਹਾਂ ਦਸਿਆ ਕਿ ਆਪਣੀ ਸ਼ਿਕਾਇਤ ਵਿੱਚ ਕਿਹਾ ਹੈ ਕਿ 24 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਵਿੱਚ ਸ਼ਮੂਲੀਅਤ ਕਰਨ ਵੇਲੇ ਦਿੱਲੀ ਕਮੇਟੀ ਦੇ ਜੁਆਇੰਟ ਸਕੱਤਰ ਜਸਮੇਨ ਸਿੰਘ ਨੋਨੀ ਨੇ ਸਾਥੀਆਂ ਸਮੇਤ ਉਹਨਾਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਹਨ । ਕਿਉਂਕਿ ਸ. ਬੱਬਰ ਨੇ ਹਮੇਸ਼ਾ ਹੀ ਨੋਨੀ ਦੇ ਗਲਤ ਕੰਮਾਂ ਨੂੰ ਸੰਗਤ ਅੱਗੇ ਨਸ਼ਰ ਕੀਤਾ ਹੈ । ਇਸੇ ਕਾਰਨ ਨੋਨੀ ਉਹਨਾਂ ਤੇ ਔਖਾ ਹੈ । ਉਹਨਾਂ ਜਸਮੇਨ ਸਿੰਘ ਨੋਨੀ ਨੂੰ ਮਿਲੇ ਗੰਨਮੈਨ ਵੀ ਵਾਪਸ ਲੈਣ ਦੀ ਅਪੀਲ ਕੀਤੀ ਹੈ । ਉਨ੍ਹਾਂ ਕਿਹਾ ਕਿ ਕਮੇਟੀ ਮੈਂਬਰ ਦਾ ਕੰਮ ਧਰਮ ਦਾ ਪ੍ਰਚਾਰ ਅਤੇ ਸਮਾਜਿਕ ਸੇਵਾ ਕਰਨੀ ਹੁੰਦੀ ਹੈ ਪਰ ਇਹ ਤਾਂ ਉਲਟ ਕੰਮ ਕਰੀ ਜਾ ਰਹੇ ਹਨ ਜੋ ਕਿ ਸਿੱਖ ਪੰਥ ਲਈ ਨਮੋਸ਼ੀ ਜਨਕ ਹਨ । ਜਿਕਰਯੋਗ ਹੈ ਕਿ ਨੋਨੀ ਪਹਿਲਾਂ ਹੀ ਇਕ ਮਾਮਲੇ 'ਚ ਕੁਝ ਸਮਾਂ ਤਿਹਾੜ ਜੇਲ੍ਹ ਵਿਚ ਬੰਦ ਰਹਿ ਕੇ ਆਏ ਹਨ ।

GSD
GSD ESTATE AGENTS
RESIDENTIAL & COMMERCIAL PROPERTY EXPERTS
SALES • LETTINGS • MANAGEMENT
EXPERIENCED & INDEPENDENT
FAMILY OWNED & OPERATED
How much is your home worth ?
More properties wanted for qualified applicants
We can sell or let your properties fast
2-3 year rent guarantee schemes available
ਜੀ. ਐਸ. ਡੀ. ਇਸਟੇਟ ਏਜੰਟਸ
ਤੁਹਾਡੇ ਘਰ ਦੀ ਕਿੰਨੀ ਕੀਮਤ ਹੈ ?
ਤੁਹਾਡੀ ਜਾਇਦਾਦ ਵੇਚਣ ਜਾਂ ਕਿਰਾਏ 'ਤੇ ਦੇਣ ਲਈ ਤੁਹਾਡੀ ਮਦਦ ਕਰ ਸਕਦੇ ਹਾਂ ।
ਯੋਗ ਅਰਜ਼ੀ ਕਰਤਾਵਾਂ ਲਈ ਹੋਰ ਜਾਇਦਾਦਾਂ ਚਾਹੀਦੀਆਂ ਹਨ ।
ਗਰੰਟੀ 'ਤੇ ਕਿਰਾਏ ਲਈ 2-3 ਸਾਲ ਦੀਆਂ ਯੋਜਨਾਵਾਂ ਵੀ ਉਪਲੱਬਧ ਹਨ ।
ਜਾਇਦਾਦ ਸਬੰਧੀ ਤਜ਼ਰਬੇਕਾਰ ਤੇ ਪ੍ਰੋਫੈਸ਼ਨਲ ਮਾਹਿਰਾਂ ਦੀ ਸਲਾਹ ਜ਼ਰੂਰ ਲਵੋ
EXCELLENCE AS STANDARD *Supporting a greener future*
Director: Mr Gurjeet Singh Dhariwal
Visit our website: www.gsdestates.com
Tel: 020 8570 1284 Email: info@gsdestates.com
10 New Heston Road, Heston, TW5 0LJ
GSD Estate Agents Ltd. Company No: 06529322. All rights reserved

ਸੁਮਨ ਮੈਰਿਜ ਬਿਊਰੋ (ਇੰਟਰਨੈਸ਼ਨਲ)
UK's FIRST ASIAN MARRIAGE BUREAU
Guaranteed introduction service - Since 1972
HINDU & SIKH SINGLES MEET-UP LUNCH
SATURDAY 23RD NOVEMBER 2024 IN HOUNSLOW
An opportunity to meet a number of other like-minded singletons under one roof & maybe meet a potential partner
Tickets: Non-members: £42.50
Members/Non-Members (Early Bird booking by 31/10/24) - £37.50
Inclusive of 3-course vegetarian lunch & soft drinks
Please call for further details or to book your place
OVER 50 YEARS OF MATCHMAKING
Please feel free to contact us to discuss your requirements in confidence and without any obligation! English/Punjabi spoken.
SUMAN MARRIAGE BUREAU
Bespoke Matchmaking Service
0121 582 9995 or 020 8571 5145
WhatsApp/Signal: 07485 708717
Web: www.s-m-b.com Email: info@s-m-b.com
Providing a personal matchmaking service for all Asian communities
Follow us on Facebook: www.facebook.com/SumanMarriageBureau
Instagram: @SumanMarriageBureau
WE HAVE CLIENTS ALL OVER UK

# ਦੱਖਣੀ ਕੈਰੋਲੀਨਾ ਕਸਬੇ ਦੇ ਮੇਅਰ ਦੀ ਸੜਕ ਹਾਦਸੇ ਵਿਚ ਮੌਤ

ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ)- ਅਮਰੀਕਾ ਦੇ ਦੱਖਣੀ ਕੈਰੋਲੀਨਾ ਰਾਜ ਦੇ ਮੈਕੋਲ ਕਸਬੇ ਦੇ ਮੇਅਰ ਜਾਰਜ ਗਾਰਨਰ ਦੇ ਇਕ ਸੜਕ ਹਾਦਸੇ ਵਿਚ ਮਾਰੇ ਜਾਣ ਦੀ ਖਬਰ ਹੈ। ਪ੍ਰਾਪਤ ਵੇਰਵੇ ਅਨੁਸਾਰ ਜਿਸ ਸਮੇ ਇਹ ਹਾਦਸਾ ਹੋਇਆ ਉਸ ਸਮੇ ਸ਼ੈਰਿਫ ਦਫਤਰ ਦੇ ਪੁਲਿਸ ਅਫਸਰ ਵੀ ਉਨਾਂ ਦੇ ਪਿੱਛੇ ਜਾ ਰਹੇ ਸਨ। ਸਾਊਥ ਕੈਰੋਲੀਨਾ ਹਾਈਵੇਅ ਗਸ਼ਤੀ ਦਲ ਨੇ ਜਨਤਿਕ ਰੇਡੀਓ ਤੇ ਸਟੇਟ ਨਿਊਜ਼ ਪੇਪਰ ਕੋਲ ਹਾਦਸੇ ਦੀ ਪੁਸ਼ਟੀ ਕਰਦਿਆਂ ਕਿਹਾ ਹੈ ਕਿ ਹਾਦਸਾ ਡਾਰਲਿੰਗਟਨ ਕਾਊਂਟੀ ਦੇ ਕਸਬੇ ਮੈਕਾਨਿਕਸਵਿਲੇ, ਦੱਖਣੀ ਕੈਰੋਲੀਨਾ ਵਿਚ ਦੁਪਹਿਰ ਬਾਅਦ ਬੀਤੇ ਦਿਨ 2.40 ਵਜੇ ਦੇ ਆਸ ਪਾਸ ਉਸ ਵੇਲੇ ਹੋਇਆ ਜਦੋਂ ਮੇਅਰ ਦੀ ਕਾਰ ਵਾਲਵੋ ਟਰੈਕਟਰ ਟਰਾਲੇ ਨਾਲ ਟਕਰਾਅ ਗਈ। ਕਾਰ ਵਿਚ ਉਹ ਇੱਕਲੇ ਹੀ ਸਨ। ਗਾਰਨਰ ਨੂੰ ਨੇੜੇ ਇਕ ਹਸਪਤਾਲ ਵਿਚ ਲਿਜਾਇਆ ਗਿਆ ਜਿਥੇ ਉਹ ਦਮ ਤੋੜ ਗਿਆ। ਹਾਦਸੇ ਵਿਚ ਟਰੈਕਟਰ ਟਰਾਲੇ ਦਾ ਡਰਾਈਵਰ ਵੀ ਜ਼ਖਮੀ ਹੋਇਆ ਹੈ ਜੋ ਹਸਪਤਾਲ ਵਿਚ ਦਾਖਲ ਹੈ। ਗਾਰਨਰ ਹਾਲ ਹੀ ਵਿਚ ਮਾਰਲ-ਬੋਰੋ ਕਾਊਂਟੀ ਦੇ ਤਕਰੀਬਨ 1900 ਦੀ ਆਬਾਦੀ ਵਾਲੇ ਕਸਬੇ ਮੈਕੋਲ ਦੇ ਮੁੜ ਮੇਅਰ ਚੁਣੇ ਗਏ ਸਨ।

## ਕੌਮੀ ਇਨਸਾਫ਼ ਮੋਰਚਾ ਮੋਹਾਲੀ ਨੇ 7 ਜਨਵਰੀ ਤੋਂ ਪਿੰਡਾਂ-ਸ਼ਹਿਰਾਂ 'ਚ ਮੀਟਿੰਗਾਂ ਸ਼ੁਰੂ ਕਰਨ ਦਾ ਕੀਤਾ ਅਗਾਜ਼

ਅੱਜ ਤਾਲਮੇਲ ਕਮੇਟੀ ਕੌਮੀ ਇਨਸਾਫ ਮੋਰਚਾ ਦੀ ਮੀਟਿੰਗ ਕਿਸਾਨ ਭਵਨ ਚੰਡੀਗੜ੍ਹ ਵਿਖੇ ਹੋਈ। ਜਿਸ ਵਿੱਚ ਸਰਪ੍ਰਸਤ ਕੌਮੀ ਇਨਸਾਫ਼ ਮੋਰਚਾ ਬਾਪੂ ਗੁਰਚਰਨ ਸਿੰਘ,ਜਥੇਦਾਰ ਗੁਰਦੀਪ ਸਿੰਘ ਬਠਿੰਡਾ,ਗੁਰਨਾਮ ਸਿੰਘ ਚੰਡੀਗੜ,ਬਲਜੀਤ ਸਿੰਘ ਭਾਉ,ਜਥੇਦਾਰ ਬਲਵੀਰ ਸਿੰਘ ਬੈਰੋਪੁਰ,ਪਾਲ ਸਿੰਘ ਘੜੂੰਆਂ,ਗੁਰਮੀਤ ਸਿੰਘ ਟੋਨੀ, ਬਲਵਿੰਦਰ ਸਿੰਘ ਕਾਲਾ ਝਾੜ ਸਾਹਿਬ,ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਨੇ ਬੋਲਦਿਆਂ ਕਿਹਾ ਕੇ ਆਉਣ ਵਾਲੀ 7 ਜਨਵਰੀ ਨੂੰ ਕੌਮੀ ਇਨਸਾਫ਼ ਮੋਰਚਾ ਮੋਹਾਲੀ 'ਚ ਲੱਖਾਂ ਸੰਗਤਾਂ ਦਾ ਇਕੱਠ ਹੋਵੇਗਾ ਅਤੇ ਉਸ ਉਪਰੰਤ ਮੁੱਖ ਮੰਤਰੀ ਦੀ ਚੰਡੀਗੜ੍ਹ ਰਿਹਾਇਸ਼ ਵੱਲ ਕੂਚ ਕੀਤਾ ਜਾਵੇਗਾ।

# ਅਰਵਿੰਦ ਕੇਜਰੀਵਾਲ ਨੇ ਦਿੱਲੀ ਵਿਧਾਨ ਸਭਾ 'ਚ ਗ੍ਰਹਿ ਮੰਤਰੀ 'ਤੇ ਬੰਨ੍ਹਿਆ ਨਿਸ਼ਾਨਾ, ਕਿਹਾ ਅਮਿਤ ਸ਼ਾਹ ਤੋਂ ਨਹੀਂ ਸੰਭਲ ਰਹੀ ਦਿੱਲੀ

ਆਮ ਆਦਮੀ ਪਾਰਟੀ (ਆਪ) ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਦਿੱਲੀ ਵਿਧਾਨ ਸਭਾ 'ਚ ਅੱਜ ਸ਼ੁੱਕਰਵਾਰ ਨੂੰ ਸੰਬੋਧਿਤ ਕੀਤਾ। ਆਪਣੇ ਸੰਬੋਧਨ 'ਚ ਅਰਵਿੰਦ ਕੇਜਰੀਵਾਲ ਨੇ ਦਿੱਲੀ 'ਚ ਵਿਗੜਦੀ ਕਾਨੂੰਨ ਵਿਵਸਥਾ 'ਤੇ ਭਾਜਪਾ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਦਿੱਲੀ ਲਈ ਅਸੀਂ ਆਪਣੀ ਜ਼ਿੰਮੇਵਾਰੀ ਨਿਭਾਈ ਹੈ ਪਰ ਕੇਂਦਰ 'ਚ ਭਾਜਪਾ ਸਰਕਾਰ ਨੇ ਦਿੱਲੀ ਦੇ ਲੋਕਾਂ ਨੂੰ ਸੁਰੱਖਿਆ ਨਹੀਂ ਦਿੱਤੀ, ਇਸ ਦੀ ਜ਼ਿੰਮੇਵਾਰੀ ਅਮਿਤ ਸ਼ਾਹ ਦੀ ਸੀ ਪਰ ਉਨ੍ਹਾਂ ਤੋਂ ਦਿੱਲੀ ਸੰਭਲ ਨਹੀਂ ਰਹੀ ਹੈ। ਆਏ ਦਿਨ ਮਰਡਰ ਹੋ ਰਹੇ ਹਨ। ਦਿੱਲੀ ਦੀ ਕਾਨੂੰਨ ਵਿਵਸਥਾ ਖ਼ਰਾਬ ਹੋ ਰਹੀ ਹੈ। ਜਿਵੇਂ ਫਿਲਮਾਂ ਵਿਚ ਗੈਂਗਵਾਰ ਹੁੰਦੀ ਹੈ, ਉਵੇਂ ਹੀ ਦਿੱਲੀ ਵਿਚ ਗੈਂਗਵਾਰ ਹੋ ਰਹੀ ਹੈ। ਕੇਜਰੀਵਾਲ ਨੇ ਅੱਗੇ ਕਿਹਾ ਕਿ ਦਿੱਲੀ ਵਿਚ ਖੁੱਲ੍ਹੇਆਮ ਧਮਕੀ ਦੇ ਫੋਨ ਆਉਂਦੇ ਹਨ। ਔਰਤਾਂ ਨੂੰ ਅਗਵਾ ਕਰ ਕੇ ਜ਼ਬਰ-ਜ਼ਿਨਾਹ ਅਤੇ ਕਤਲ ਹੋ ਰਹੇ ਹਨ। ਕੇਜਰੀਵਾਲ ਨੇ ਇਕ ਅੰਗਰੇਜ਼ੀ ਅਖ਼ਬਾਰ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਦਿੱਲੀ ਵਿਚ ਲਾਰੈਂਸ ਬਿਸ਼ਨੋਈ ਗੈਂਗ ਨੇ ਆਤੰਕ ਮਚਾਇਆ ਹੋਇਆ ਹੈ। ਦਿੱਲੀ ਵਿਚ ਵਾਪਰ ਰਹੀਆਂ ਵਾਰਦਾਤਾਂ ਦਾ ਜ਼ਿਕਰ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿਚ ਬੰਦ ਲਾਰੈਂਸ ਬਿਸ਼ਨੋਈ ਗੈਂਗ ਨੇ ਦਹਿਸ਼ਤ ਫੈਲਾ ਰੱਖੀ ਹੈ। ਉਹ ਜੇਲ੍ਹ ਵਿਚੋਂ ਧਮਕੀਆਂ ਦੇ ਰਿਹਾ ਹੈ। ਇਹ ਕਿਵੇਂ ਹੋ ਰਿਹਾ ਹੈ, ਸਮਝ ਨਹੀਂ ਆ ਰਿਹਾ ਹੈ। ਅਮਿਤ ਸ਼ਾਹ ਕੀ ਕਰ ਰਹੇ ਹਨ। ਇਨ੍ਹਾਂ ਤੋਂ ਦਿੱਲੀ ਸੰਭਲ ਨਹੀਂ ਰਹੀ। ਅੱਜ ਦਿੱਲੀ ਨੂੰ ਗੈਂਗਸਟਰ ਕੈਪੀਟਲ ਦੇ ਨਾਂ ਤੋਂ ਜਾਣਿਆ ਜਾ ਰਿਹਾ ਹੈ।



# ਸਿੱਖ ਵਪਾਰੀ ਦੀ ਬਦਲੌਤ 31 ਸਾਲ ਪਹਿਲਾਂ ਅਗ਼ਵਾ ਹੋਇਆ ਨੌਜੁਆਨ ਅਪਣੇ ਪ੍ਰਵਾਰ ਨੂੰ ਮਿਲਿਆ

ਗਾਜ਼ੀਆਬਾਦ ਜ਼ਿਲ੍ਹੇ ਵਿਚ 1993 ਵਿਚ ਅਗਵਾ ਹੋਇਆ ਸੱਤ ਸਾਲਾ ਰਾਜੂ ਹੁਣ ਇਕ ਸਿੱਖ ਵਪਾਰੀ ਦੀ ਬਦੌਲਤ 31 ਸਾਲ ਬਾਅਦ ਅਪਣੇ ਪਰਵਾਰ ਨੂੰ ਮਿਲਿਆ। ਫ਼ਿਰੌਤੀ ਦੇਣ ਵਿਚ ਅਸਮਰੱਥ, ਉਸਦੇ ਪਰਵਾਰ ਨੇ ਉਸਨੂੰ ਉਸਦੀ ਕਿਸਮਤ 'ਤੇ ਛੱਡ ਦਿਤਾ ਸੀ, ਪਰ ਤਿੰਨ ਦਹਾਕਿਆਂ ਬਾਅਦ ਪਰਵਾਰ ਉਸਨੂੰ ਅਪਣੇ ਵਿਚਕਾਰ ਸੁਰੱਖਿਅਤ ਅਤੇ ਜ਼ਿੰਦਾ ਲੱਭ ਕੇ ਬਹੁਤ ਖ਼ੁਸ਼ ਹੈ।

ਦਿੱਲੀ ਬਿਜਲੀ ਬੋਰਡ ਤੋਂ ਸੇਵਾ-ਮੁਕਤ ਹੋਏ ਤੁਲਾ ਰਾਮ ਲਈ 31 ਸਾਲਾਂ ਬਾਅਦ ਅਪਣੇ ਪੁੱਤਰ ਰਾਜੂ ਨਾਲ ਮੁੜ ਮਿਲਣਾ ਬਹੁਤ ਖ਼ੁਸ਼ੀ ਦਾ ਪਲ ਸੀ। ਸਾਹਿਬਾਬਾਦ ਇਲਾ-ਕੇ ਦੇ ਰਹਿਣ ਵਾਲੇ ਤੁਲਾ ਰਾਮ ਨੇ ਵੀਰਵਾਰ ਨੂੰ ਦਸਿਆ ਕਿ ਉਸ ਦੇ ਬੇਟੇ ਰਾਜੂ ਨੂੰ ਸਤੰਬਰ 1993 'ਚ ਸਾਹਿਬਾਬਾਦ ਦੇ ਦੀਨਬੰਧੂ ਪਬਲਿਕ ਸਕੂਲ ਤੋਂ ਘਰ ਪਰਤਦੇ ਸਮੇਂ ਅਗਵਾ ਕਰ ਲਿਆ ਗਿਆ ਸੀ। ਉਸ ਨੂੰ ਟੈਂਪੂ ਵਿਚ ਸਵਾਰ ਤਿੰਨ ਵਿਅਕਤੀਆਂ ਨੇ ਅਗਵਾ ਕਰ ਲਿਆ ਸੀ। ਰਾਜੂ ਉਸ ਸਮੇਂ ਸੱਤ ਸਾਲ ਦਾ ਸੀ।

ਉਨ੍ਹਾਂ ਦਸਿਆ ਕਿ ਇਸ ਮਾਮਲੇ ਸਬੰਧੀ ਥਾਣਾ ਸਾਹਿਬਾਬਾਦ ਵਿਚ ਕੇਸ ਦਰਜ ਕੀਤਾ ਗਿਆ ਹੈ। ਕਾਫ਼ੀ ਭਾਲ ਤੋਂ ਬਾਅਦ ਵੀ ਪੁਲਿਸ ਰਾਜੂ ਨੂੰ ਬਰਾਮਦ ਨਹੀਂ ਕਰ ਸਕੀ। ਇਸ ਦੌਰਾਨ ਉਸ ਨੂੰ ਇਕ ਚਿੱਠੀ ਮਿਲੀ ਸੀ ਜਿਸ ਵਿਚ ਰਾਜੂ ਨੂੰ ਰਿਹਾਅ ਕਰਨ ਲਈ ਅੱਠ ਲੱਖ ਰੁਪਏ ਦੀ ਫ਼ਿਰੌਤੀ ਦੀ ਮੰਗ ਕੀਤੀ ਗਈ ਸੀ। ਰਕਮ ਦੇਣ ਤੋਂ ਅਸਮਰੱਥ, ਤੁਲਾ ਰਾਮ ਨੇ ਮਾਮਲਾ ਕਿਸਮਤ 'ਤੇ ਛੱਡ ਦਿਤਾ ਅਤੇ ਜਾਂਚ ਨੂੰ ਟਾਲ ਦਿਤਾ ਗਿਆ।

ਤੁਲਾ ਰਾਮ ਨੇ ਕਿਹਾ, "ਸਾਨੂੰ ਯਕੀਨ ਨਹੀਂ ਸੀ ਕਿ ਸਾਡਾ ਪੁੱਤਰ ਜ਼ਿੰਦਾ ਹੈ ਜਾਂ ਨਹੀਂ, ਪਰ 27 ਨਵੰਬਰ ਨੂੰ ਸਾਡੀ ਨਿਰਾਸ਼ਾ ਬਹੁਤ ਖ਼ੁਸ਼ੀ ਵਿਚ ਬਦਲ ਗਈ। ਰਾਜੂ ਸਾਡੇ ਕੋਲ ਵਾਪਸ ਆ ਗਿਆ। ਉਹ ਹੁਣ 38 ਸਾਲਾਂ ਦਾ ਹੈ।



ਉਸ ਨੇ ਕਿਹਾ, "ਸ਼ੁਰੂਆਤ ਵਿਚ ਮੈਂ ਇਹ ਮੰਨਣ ਵਿਚ ਝਿਜਕਦਾ ਸੀ ਕਿ ਕੀ ਉਹ ਸੱਚਮੁੱਚ ਸਾਡਾ ਰਾਜੂ ਸੀ। ਮੈਂ ਉਸਨੂੰ ਘਰ ਲੈ ਗਿਆ ਅਤੇ ਉਸਦੀ ਮਾਂ ਅਤੇ ਭੈਣਾਂ ਨੇ ਉਸਦੀ ਛਾਤੀ ਉੱਤੇ ਇਕ ਤਿਲ ਅਤੇ ਉਸਦੀ ਖੋਪੜੀ ਵਿਚ ਇਕ ਬਣੇ ਇਕ ਨਿਸ਼ਾਨ ਤੋਂ ਉਸਦੀ ਪਛਾਣ ਕੀਤੀ। ਆਖ਼ਰ 31 ਸਾਲਾਂ ਬਾਅਦ ਸਾਡਾ ਗੁਆਚਿਆ ਰਾਜੂ ਸਾਨੂੰ ਵਾਪਸ ਮਿਲ ਗਿਆ।

ਅਪਣੇ ਨਾਲ ਵਾਪਰੀ ਦਰਦਨਾਕ ਘਟਨਾ ਬਾਰੇ ਦੱਸਦਿਆਂ ਰਾਜੂ ਨੇ ਦਸਿਆ ਕਿ ਅਗਵਾ ਕਰਨ ਤੋਂ ਬਾਅਦ ਉਸ ਨੂੰ ਇਕ ਟਰੱਕ ਡਰਾਈਵਰ ਦੇ ਹਵਾਲੇ ਕਰ ਦਿਤਾ ਗਿਆ, ਜੋ ਉਸ ਨੂੰ ਰਾਜਸਥਾਨ ਦੇ ਜੈਸਲਮੇਰ ਲੈ ਗਿਆ। ਉਸਨੇ ਕਿਹਾ, "ਅਗਵਾਕਾਰਾਂ ਨੇ ਮੈਨੂੰ ਬੰਜਰ ਖੇਤਰ ਦੇ ਵਿਚਕਾਰ ਸਥਿਤ ਇਕ ਕਮਰੇ ਵਿਚ ਰਖਿਆ, ਜਿੱਥੇ ਮੈਨੂੰ ਭੇਡਾਂ ਅਤੇ ਬੱਕਰੀਆਂ ਚਰਾਉਣ ਲਈ ਮਜਬੂਰ ਕੀਤਾ ਗਿਆ। ਹਰ ਰਾਤ ਮੈਨੂੰ ਲੋਹੇ ਦੀਆਂ ਜ਼ੰਜੀਰਾਂ ਨਾਲ ਬੰਨ੍ਹ ਕੇ ਕਮਰੇ ਵਿਚ ਬੰਦ ਕਰ ਦਿਤਾ ਜਾਂਦਾ ਸੀ।"

ਰਾਜੂ ਨੇ ਕਿਹਾ ਕਿ ਮੈਨੂੰ ਇਹ ਉਮੀਦ ਉਦੋਂ ਮਿਲੀ ਜਦੋਂ ਦਿੱਲੀ ਦੇ ਇਕ ਸਿੱਖ ਵਪਾਰੀ ਨੇ ਮੇਰੇ 'ਤੇ ਹੁੰਦੇ ਜ਼ੁਲਮਾਂ ਨੂੰ ਦੇਖਿਆ ਅਤੇ ਮੇਰੀ ਮਦਦ ਕੀਤੀ। ਪੁਲਿਸ ਅਧਿਕਾਰੀਆਂ ਨੇ ਦਸਿਆ ਕਿ ਇਕ ਸਿੱਖ ਵਪਾਰੀ ਰਾਜੂ ਨੂੰ ਅਪਣੇ ਟਰੱਕ ਵਿਚ ਅਪਣੇ ਨਾਲ ਲਿਆਇਆ ਅਤੇ ਦਿੱਲੀ ਪਹੁੰਚ ਕੇ ਗਾਜ਼ੀਆਬਾਦ ਬਾਰਡਰ 'ਤੇ ਛੱਡ ਦਿਤਾ। ਉਸ ਨੇ ਰਾਜੂ ਨੂੰ ਇਕ ਪੱਤਰ ਵੀ ਦਿਤਾ ਸੀ ਜਿਸ ਵਿਚ ਲਿਖਿਆ ਸੀ ਕਿ ਰਾਜੂ ਨੋਇਡਾ ਦਾ ਰਹਿਣ ਵਾਲਾ ਸੀ ਅਤੇ ਉਸ ਨੂੰ 1993 ਵਿਚ ਅਗਵਾ ਕੀਤਾ ਗਿਆ ਸੀ। ਸਹਾਇਕ ਪੁਲਿਸ ਕਮਿਸ਼ਨਰ ਰਜਨੀਸ਼ ਉਪਾਧਿਆਏ ਨੇ ਦਸਿਆ ਕਿ ਪੁਲਿਸ ਨੇ ਸਾਰੀਆਂ ਜ਼ਰੂਰੀ ਕਾਨੂੰਨੀ ਰਸਮਾਂ ਪੂਰੀਆਂ ਕਰਨ ਤੋਂ ਬਾਅਦ ਰਾਜੂ ਨੂੰ ਉਸ ਦੇ ਪ੍ਰਵਾਰ ਨਾਲ ਮਿਲਾਇਆ।

# ਜੋਗਾ ਸਿੰਘ ਜੋਗੀ ਦੀ ਜੁਗਤਿ ਅਤੇ ਜਥੇਦਾਰ!

ਕਵੀਸ਼ਰੀ ਦੇ ਬਾਬਾ ਬੋਹੜ ਮੰਨੇ ਜਾਂਦੇ ਜੋਗਾ ਸਿੰਘ ਜੋਗੀ ਲੈਕਚਰ ਦੌਰਾਨ ਇਕ 'ਜੁਗਤਿ' ਸੁਣਾਇਆ ਕਰਦੇ ਸਨ ਕਿ ਕਿਸੇ ਵੱਡੇ ਨਗਰ ਦੇ ਚੌਧਰੀ ਸਰਪੰਚ ਨੇ ਸਿਆਲ਼ ਚੜ੍ਹਦਿਆਂ, ਰਸੋਈਏ ਨੌਕਰਾਂ ਪਾਸੋਂ ਪਿੰਨੀਆਂ ਬਣਵਾ ਕੇ ਵੱਡਾ ਮਰਦਬਾਨ ਭਰਵਾ ਲਿਆ। ਨਾ਼ਲ ਹੀ ਨੌਕਰਾਂ ਨੂੰ ਇਹ ਪੱਕੀ ਹਦਾਇਤ ਕਰ ਦਿੱਤੀ ਕਿ ਜਦੋਂ ਵੀ ਮੈਂ ਤੁਹਾਨੂੰ ਫੁਰਮਾਇਆ ਕਰਾਂ ਤਦੇ ਹੀ ਮਰਦਬਾਨ 'ਚੋਂ ਦੋ-ਤਿੰਨ ਪਿੰਨੀਆਂ ਕੱਢ ਕੇ ਮੈਨੂੰ ਛਕਣ ਲਈ ਦੇ ਦਿਆ ਕਰੋ।

ਨੌਕਰ ਆਪਣੇ ਮਾਲਕ ਦੀ ਇਸ ਹਦਾਇਤ ਦਾ ਪਾਲਣ ਕਰਨ ਲੱਗ ਪਏ। ਸਰਪੰਚ ਚੌਧਰੀ ਨੇ ਨੌਕਰਾਂ ਨੂੰ ਜਦ ਵੀ ਪਿੰਨੀਆਂ ਲਿਆਉਣ ਲਈ ਹੁਕਮ ਕਰਨਾ ਤਾਂ ਨੌਕਰਾਂ ਨੇ ਦੁੱਧ ਦੇ ਗਿਲਾਸ ਨਾਲ ਦੋ-ਚਾਰ ਪਿੰਨੀਆਂ ਹਾਜ਼ਰ ਕਰ ਦੇਣੀਆਂ।

ਕਰਨੀ ਰੱਬ ਦੀ ਕਿ ਕੁੱਝ ਦਿਨਾਂ ਬਾਅਦ ਹੀ ਪੰਚਾਇਤ ਮੈਂਬਰਾਂ ਦੀ ਸ਼ਿਕਾਇਤ 'ਤੇ ਸਰਕਾਰ ਨੇ ਸਰਪੰਚ ਚੌਧਰੀ ਨੂੰ ਸਸਪੈਂਡ ਕਰ ਦਿੱਤਾ। ਕੁਰਸੀ 'ਤੇ ਬਹਿਣ ਗਿੱਝਿਆ ਹੋਇਆ ਚੌਧਰੀ ਤਰਲੋਮੱਛੀ ਹੋ ਕੇ ਲਗ ਪਿਆ ਉਤਲੇ ਹਾਕਮਾਂ/ਅਫਸਰਾਂ ਦੇ ਦਰਾਂ 'ਤੇ ਗੇੜੇ ਮਾਰਨ! ਇੰਜ ਹਫਤਾ ਕੁ ਉਸਨੂੰ ਘਰੋਂ ਬਾਹਰ ਰਹਿਣਾ ਪਿਆ।

ਜਦ ਉਹ ਕਈ ਦਿਨਾਂ ਬਾਅਦ ਘਰੇ ਆਇਆ ਤੇ ਨੌਕਰਾਂ ਨੂੰ ਪਿੰਨੀਆਂ ਲਿਆਉਣ ਲਈ 'ਵਾਜ ਮਾਰੀ। ਨੌਕਰ ਕਹਿੰਦੇ ਕਿ ਜੀ ਮਰਦਬਾਨ ਤਾਂ ਖਾਲੀ ਐ !

ਚੌਧਰੀ ਗੁੱਸੇ 'ਚ ਲਾਲ ਪੀ਼ਲਾ ਹੋ ਕੇ ਬੋਲਿਆ-'ਉਏ ਮੈਂ ਤਾਂ ਤੁਹਾਨੂੰ ਕਰੜੀ ਹਦਾਇਤ ਕੀਤੀ ਸੀ ਕਿ ਮਰਦਬਾਨ 'ਚੋਂ ਪਿੰਨੀਆਂ ਉਦੋਂ ਹੀ ਕੱਢਣੀਆਂ ਜਦ ਮੈਂ ਤੁਹਾਨੂੰ ਫੁਰਮਾਵਾਂ ?'

ਨੌਕਰੇ ਕਹਿੰਦੇ-

"ਜੀ ਤੁਹਾਡੇ ਜਾਣ ਮਗਰੋਂ ਸਾਨੂੰ ਵੀ 'ਫੁਰਮਾਉਣਾ' ਆ ਗਿਆ ਸੀ, ਅਸੀਂ ਆਪੇ ਈ 'ਫਰਮ ਪੈਂਦੇ' ਰਹੇ ਅਤੇ ਪਿੰਨੀਆਂ ਛਕ ਲੈਂਦੇ ਸਾਂ !"

**-ਤਰਲੋਚਨ ਸਿੰਘ ਦੁਪਾਲ ਪੁਰ**
**001-408-915-1268**

# We are proud of havig a written Constitution of our own

The People of India are proud of the fact that they have written Constitutyion of thir own. They themselves had framed this Constitution and it is on record that they had been following this Constitution and had been maintaining unity and integrity of India.

There had been so many religions, castes, reed sub castes, sub religions, different traditions and history, but unity and integrity because of Secularism and equality, we could become a Nation Because of our unity,we had no provision in our Constitution for any further division as had ben done by the British while giving us freedom and that division was so unfortunate even in history of this sub region in which lakhs were killed and crores were uprooted and pushed towards unknown places to settle.

There is a special chapter of Fundamental Rights, Directive Principles of State Policy and we have adopted democracy, the government of the people here. Now there is no raja, king, badshah monarch and all these designations are now facts of history and now no rulers, but groups of Public Servants. And now owners of the country are the People themselves and they themselves elect Public Servants and have the power to change, if they do not serve rightly.

We are going ahead and in due course, we shall be electing our own Representatives and this system of nomkinating candidates by political groups too shall go and if need be we shall turn the Elected Houses party less and all the members present there shall work in interest of the people as their representatives. Support to contesting groups shall be rare and members shall be at liberty tow workas per their own conscience, will and wisdom and shall keep only welfare of the people and the present system of whips too shall go. These extra Constitutional provisions too shall go and people shall be represented rightly by their own representrttives.

And if we follow the Directive Principles of State Policy in letter and spirit, we shall stand in line with developed countries before completing one century of our Constitution with attaining material and human progress and shall be proud of our Nation and our Constitution.

**Dalip singh was an, Advocate**
**dalipsinghwassan@yahoo.co.in**

# ਅਮਰੀਕਾ ਵਿਚ ਇਮੀਗ੍ਰੇਸ਼ਨ ਨੀਤੀਆਂ ਬਾਰੇ ਬੇਯਕੀਨੀ ਕਾਰਨ ਕੌਮਾਂਤਰੀ ਵਿਦਿਆਰਥੀਆਂ ਵਿਚ ਬੇਚੈਨੀ

## ਅਨੇਕਾਂ ਯੁਨੀਵਰਸਿਟੀਆਂ ਵੱਲੋਂ ਕੌਮਾਂਤਰੀ ਵਿਦਿਆਰਥੀਆਂ ਤੇ ਸਟਾਫ ਨੂੰ ਹਦਾਇਤਾਂ ਜਾਰੀ

ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ) ਅਮਰੀਕਾ ਦੀਆਂ ਅਨੇਕਾਂ ਯੁਨੀਵਰਸਿਟੀਆਂ ਵੱਲੋਂ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਅਗਲੇ ਸਾਲ ਸੱਤਾ ਸੰਭਾਲਣ ਤੋਂ ਪਹਿਲਾਂ ਕੌਮਾਂਤਰੀ ਵਿਦਿਆਰਥੀਆਂ ਤੇ ਸਟਾਫ ਨੂੰ ਜਾਰੀ ਕੀਤੀਆਂ ਜਾ ਰਹੀਆਂ ਹਦਾਇਤਾਂ ਤੋਂ ਇਮੀਗ੍ਰੇਸ਼ਨ ਨੀਤੀਆਂ ਸਬੰਧੀ ਪਾਈ ਜਾ ਰਹੀ ਬੇਯਕੀਨੀ ਦਾ ਪਤਾ ਲੱਗਦਾ ਹੈ। ਬੀ ਬੀ ਸੀ ਦੀ ਇਕ ਰਿਪੋਰਟ ਅਨੁਸਾਰ ਬਹੁਤ ਸਾਰੇ ਕੌਮਾਂਤਰੀ ਵਿਦਿਆਰਥੀ ਤੇ ਸਕਾਲਰ ਅਮਰੀਕਾ ਵਿਚ ਆਪਣੇ ਭਵਿੱਖ ਨੂੰ ਲੈ ਕੇ ਫਿਕਰਮੰਦ ਹਨ ਕਿਉਂਕਿ ਰਾਸ਼ਟਰਪਤੀ ਦੀ ਚੋਣ ਜਿੱਤੇ ਟਰੰਪ ਨੇ ਆਪਣੀ ਚੋਣ ਮੁਹਿੰਮ ਦੌਰਾਨ ਇਮੀਗ੍ਰੇਸ਼ਨ ਸਬੰਧੀ ਸਖਤਾਈ ਵਰਤਣ ਦਾ ਵਾਅਦਾ ਕੀਤਾ ਸੀ। ਚੋਣ ਜਿੱਤਣ ਉਪਰੰਤ ਟਰੰਪ ਨੇ ਅਮਰੀਕਾ ਦੇ ਇਤਿਹਾਸ ਵਿਚ ਦੇਸ਼ ਨਿਕਾਲੇ ਦੀ ਸਭ ਤੋਂ ਵੱਡੀ ਕਾਰਵਾਈ ਕਰਨ ਦਾ ਸੰਕਲਪ ਲਿਆ ਹੈ ਤੇ ਇਥੋਂ ਤੱਕ ਕਿਹਾ ਹੈ ਕਿ ਇਸ ਕਾਰਵਾਈ ਨੂੰ ਸਿਰੇ ਚਾੜਨ ਲਈ ਫੌਜ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ। ਟਰੰਪ ਦੇ ਪਿਛੋਕੜ ਨੂੰ ਵੇਖਦਿਆਂ ਹੋਇਆਂ ਵੀ ਕੌਮਾਂਤਰੀ ਵਿਦਿਆਰਥੀ ਤੇ ਸਟਾਫ ਘਬਰਾਇਆ ਹੋਇਆ ਹੈ ਕਿਉਂਕ ਟਰੰਪ ਵੱਲੋਂ ਆਪਣੇ ਪਹਿਲੇ ਕਾਰਜਕਾਲ ਦੌਰਾਨ "ਡੈਫਰਡ ਐਕਸ਼ਨ ਫਾਰ ਚਾਈਲਡਹੁੱਡ ਅਰਾਈਵਲਜ (ਡੀ ਏ ਸੀ ਏ) ਪ੍ਰੋਗਰਾਮ" ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ ਜਿਸ ਪ੍ਰੋਗਰਾਮ ਤਹਿਤ ਅਮਰੀਕਾ ਵਿਚ ਬਚਪਨ ਵਿਚ ਆਏ 5 ਲੱਖ ਤੋਂ ਵਧ ਪ੍ਰਵਾਸੀਆਂ ਨੂੰ ਸੁਰੱਖਿਆ ਮਿਲੀ ਹੋਈ ਹੈ। ਯੁਨੀਵਰਸਿਟੀ ਆਫ ਮਾਸਾਚੂਸੈਟਸ ਨੇ ਜਾਰੀ ਯਾਤਰਾ ਹਦਾਇਤਾਂ ਵਿਚ ਕੌਮਾਂਤਰੀ ਵਿਦਿਆਰਥੀਆਂ ਤੇ ਸਟਾਫ ਨੂੰ ਕਿਹਾ ਹੈ ਕਿ ਉਹ ਅਗਲੇ ਸਾਲ 20 ਜਨਵਰੀ ਨੂੰ ਟਰੰਪ ਦੇ ਸੱਤਾ ਸੰਭਾਲਣ ਤੋਂ ਪਹਿਲਾਂ ਵਾਪਿਸ ਆ ਜਾਣ। ਵੈਸਲੇਯਾਨ ਯੁਨੀਵਰਸਿਟੀ ਤੇ ਮਾਸਾਚੂਸੈਟਸ ਇੰਸਟੀਚਿਊਟ ਆਫ ਟੈਕਨਾਲੋਜੀ ਨੇ ਕੌਮਾਂਤਰੀ ਭਾਈਚਾਰੇ ਨੂੰ ਬੇਨਤੀ ਕੀਤੀ ਹੈ ਕਿ ਉਹ ਆਪਣੀ ਯਾਤਰਾ ਯੋਜਨਾ ਨੂੰ ਛੇਤੀ ਅੰਤਿਮ ਰੂਪ ਦੇ ਲਵੇ ਤਾਂ ਜੋ ਸੰਭਾਵੀ ਪ੍ਰੇਸ਼ਾਨੀ ਤੋਂ ਬਚਿਆ ਜਾ ਸਕੇ। ਇਸ ਮਹੀਨੇ ਦੇ ਸ਼ੁਰੂ ਵਿਚ ਯੇਲ ਯੁਨੀਵਰਸਿਟੀ ਵਿਖੇ ਕੌਮਾਂਤਰੀ ਵਿਦਿਆਰਥੀਆਂ ਤੇ ਸਕਾਲਰਾਂ ਦੇ ਦਫਤਰ ਵੱਲੋਂ ਇਕ ਵੈਬੀਨਾਰ ਦਾ ਅਯੋਜਨ ਕੀਤਾ ਗਿਆ ਸੀ ਜਿਸ ਵਿਚ ਨਵੇਂ ਪ੍ਰਸ਼ਾਸਨ ਤਹਿਤ ਵੀਜ਼ੇ ਦੀ ਭਰੋਸੇਯੋਗਤਾ ਤੇ ਸੰਭਾਵੀ ਨੀਤੀ ਤਬਦੀਲੀ ਬਾਰੇ ਫਿਕਰਮੰਦੀ ਪ੍ਰਗਟ ਕੀਤੀ ਗਈ ਸੀ ਤੇ ਇਸ ਦੇ ਹੱਲ ਲਈ ਵਿਚਾਰਾਂ ਕੀਤੀਆਂ ਗਈਆਂ ਸਨ। ਪ੍ਰੋਫੈਸਰ ਕੋਲ ਯੁਨੀਵਰਸਿਟੀ ਆਫ ਕੋਲੋਰਾਡੋ ਡੈਨਵਰ ਨੇ ਬੀ ਬੀ ਸੀ ਨੂੰ ਦੱਸਿਆ ਕਿ ਬਹੁਤ ਸਾਰੇ ਵਿਦਿਆਰਥੀ ਇਮੀਗ੍ਰੇਸ਼ਨ ਨੀਤੀ ਸਬੰਧੀ ਅਸਥਿੱਰਤਾ ਕਾਰਨ ਪ੍ਰੇਸ਼ਾਨੀ ਦੇ ਆਲਮ ਵਿਚ ਹਨ। ਉਹ ਆਪਣੇ ਵੀਜ਼ੇ ਤੇ ਸਿੱਖਿਆ ਜਾਰੀ ਰੱਖਣ ਨੂੰ ਲੈ ਕੇ ਫਿਕਰਮੰਦ ਹਨ। ਇਕ ਅਨੁਮਾਨ ਅਨੁਸਾਰ ਅਮਰੀਕਾ ਭਰ ਦੀਆਂ ਉੱਚ ਸਿੱਖਿਆ ਸੰਸਥਾਵਾਂ ਵਿਚ 4,08,000 ਬਿਨਾਂ ਦਸਤਾਵੇਜ਼ ਵਿਦਿਆਰਥੀ ਦਾਖਲ ਹਨ ਜੋ ਕੁਲ ਪੋਸਟ ਸੈਕੰਡਰੀ ਵਿਦਿਆਰਥੀਆਂ ਦਾ ਤਕਰੀਬਨ 1.9% ਹਿੱਸਾ ਬਣਦਾ ਹੈ।



# ਨਵੇਂ ਸਾਲ ਦੇ ਖ਼ੂਬਸੂਰਤ ਕੈਲੰਡਰ ਤਿਆਰ

**TO BUY OR PRINT YOUR OWN NEW YEAR'S CALANDERS**

**PLEASE CONTACT US ON 01332-372 851**

**ਦਸੰਬਰ ਦੇ ਅਖੀਰ ਕ੍ਰਿਸਮਿਸ ਦੀਆਂ ਛੁੱਟੀਆਂ ਲਈ ਦੋ ਹਫਤੇ ਪੰਜਾਬ ਟਾਈਮਜ਼ ਦਾ ਦਫ਼ਤਰ ਬੰਦ ਹੋਣ ਕਾਰਨ**

**10 ਦਸੰਬਰ ਤੋਂ ਬਾਅਦ ਕੋਈ ਨਵੇਂ ਆਰਡਰ ਨਹੀਂ ਲਏ ਜਾਣਗੇ**

ਪੰਜਾਬ ਟਾਈਮਜ਼ ਵੱਲੋਂ ਨਵੇਂ ਸਾਲ 2025 ਦੇ ਬਹੁਤ ਸੋਹਣੇ ਕੈਲੰਡਰ ਬਣਾਏ ਜਾ ਰਹੇ ਹਨ। ਵਪਾਰਕ ਅਦਾਰਿਆਂ ਲਈ ਆਪਣੇ ਕਾਰੋਬਾਰ ਨੂੰ ਵਧਾਉਣ ਦਾ ਇਹ ਬਹੁਤ ਵਧੀਆ ਮੌਕਾ ਹੁੰਦਾ ਹੈ। ਕੈਲੰਡਰ ਹਰ ਘਰ ਵਿਚ ਸਾਰਾ ਸਾਲ ਲੱਗਾ ਰਹਿੰਦਾ ਹੈ, ਜਿਸ ਨਾਲ ਸਬੰਧਿਤ ਸੰਸਥਾ ਜਾਂ ਕੰਪਨੀ ਨਾਲ ਲੋਕਾਂ ਦਾ ਰਾਬਤਾ ਬਣਿਆ ਰਹਿੰਦਾ ਹੈ। ਤੁਸੀਂ ਆਪਣੇ ਕੈਲੰਡਰ ਛਪਵਾ ਕੇ ਕਾਰੋਬਾਰ ਵਿਚ ਚੋਖਾ ਵਾਧਾ ਕਰ ਸਕਦੇ ਹੋ। ਸੋ ਦੇਰ ਨਾ ਕਰੋ, ਜਿਹੜਾ ਕੈਲੰਡਰ ਪਹਿਲਾਂ ਮਿਲ ਜਾਵੇ ਲੋਕ ਉਹੀ ਘਰ ਵਿੱਚ ਲਗਾ ਲੈਂਦੇ ਹਨ, ਫਿਰ ਦੇਰ ਨਾਲ ਮਿਲਣ ਵਾਲੇ ਕੈਲੰਡਰਾਂ ਵੱਲ ਕੋਈ ਧਿਆਨ ਨਹੀਂ ਦਿੰਦਾ।

**ਵਿਸ਼ੇਸ਼ ਨੋਟ :-** ਤੁਸੀਂ ਆਪਣੀ ਸੰਸਥਾ, ਕੰਪਨੀ ਨਾਲ ਸਬੰਧਿਤ ਜਾਂ ਕੋਈ ਪਰਿਵਾਰਕ ਫੋਟੋ ਜਾਂ ਹੋਰ ਕੋਈ ਵੀ ਆਪਣੀ ਮਨਪਸੰਦ ਫੋਟੋ ਆਪਣੇ ਕੈਲੰਡਰ ਉੱਤੇ ਛਪਵਾ ਸਕਦੇ ਹੋ।

* ਗੁਰੂ ਘਰਾਂ ਦੇ ਸਾਲਾਨਾ ਕੈਲੰਡਰ ਛਾਪਣ ਲਈ ਵਿਸ਼ੇਸ਼ ਰਿਆਇਤੀ ਦਰਾਂ ਹਨ, ਜਾਨਣ ਲਈ ਫ਼ੋਨ ਕਰੋ;

**What's App Contact: 07966 388 388**




Specialist in Full Colour and all other Commercial Printing.

ਅਸੀਂ ਹਰ ਤਰ੍ਹਾਂ ਦੇ ਵੱਖ-ਵੱਖ ਸਾਈਜ਼ਾਂ 'ਚ ਪੋਸਟਰ, ਕਿਤਾਬਾਂ ਅਤੇ ਰਸਾਲੇ ਆਦਿ ਬਹੁਤ ਹੀ ਸਸਤੇ ਭਾਅ 'ਤੇ ਛਾਪਦੇ ਹਾਂ।

**CALL NOW AND SPEAK TO MANINDER SINGH OR HARJINDER SINGH MANDER ON: 01332-372851**

# ਪੰਜਾਬੀ ਸਿੱਖਣ ਲਈ ਕਿਤਾਬਾਂ

## ਜੀ ਸੀ ਐਸ ਈ ਦੀ ਤਿਆਰੀ ਲਈ ਬੱਚਿਆਂ ਨੂੰ ਤੋਹਫ਼ੇ GIFT ਵਜੋਂ ਇਹ ਕਿਤਾਬਾਂ ਦਿਓ ਤੇ ਪੰਜਾਬੀ ਨਾਲ ਜੋੜੋ

ਜੇ ਤੁਹਾਡੇ ਬੱਚੇ ਜਾਂ ਤੁਸੀਂ ਪੰਜਾਬੀ ਪੜ੍ਹਨੀ ਲਿਖਣੀ ਸਿੱਖਣੀ ਚਾਹੁੰਦੇ ਹੋ, ਤਾਂ ਇਸ ਵਾਸਤੇ ਪੰਜਾਬ ਟਾਈਮਜ਼ ਵੱਲੋਂ 1 ਤੋਂ 4 ਲੈਵਲ ਤੱਕ ਚਾਰ ਪੁਸਤਕਾਂ ਸਿੱਖ ਸਕੂਲ ਡੌਟ ਕੋਮ, ਕੈਲੇਫੋਰਨੀਆ ਦੀ ਆਗਿਆ ਨਾਲ ਛਾਪੀਆਂ ਗਈਆਂ ਹਨ । ਇਹਨਾਂ (Work Books) ਦੀ ਮਦਦ ਨਾਲ ਤੁਸੀਂ ਆਸਾਨੀ ਨਾਲ ਬੱਚਿਆਂ ਨੂੰ ਪੰਜਾਬੀ ਸਿਖਾ ਸਕਦੇ ਹੋ। ਇਹਨਾਂ ਪੁਸਤਕਾਂ ਨਾਲ ਅੰਗਰੇਜ਼ੀ ਰਾਹੀਂ ਪੰਜਾਬੀ ਸਿੱਖ ਸਕਦੇ ਹੋ। ਪੁਸਤਕਾਂ ਦੀ ਕੀਮਤ ਕੇਵਲ ਲਾਗਤ ਮਾਤਰ ਹੀ ਰੱਖੀ ਗਈ ਹੈ । ਇਹ ਪੁਸਤਕਾਂ ਮੁਨਾਫ਼ਾ ਕਮਾਉਣ ਲਈ ਨਹੀਂ ਬਲਕਿ ਪੰਜਾਬੀ ਦੇ ਪ੍ਰਚਾਰ ਹਿੱਤ ਬਹੁਤ ਹੀ ਸਸਤੀਆਂ ਦਿੱਤੀਆਂ ਜਾ ਰਹੀਆਂ ਹਨ ।




ਇਹ ਕਿਤਾਬ ਤੁਹਾਡੇ ਆਪਣੇ ਗੋਰੇ ਸਾਥੀਆਂ ਨੂੰ ਦੇਣ ਲਈ ਵੀ ਬਹੁਤ ਲਾਭਦਾਇਕ ਹੈ । ਜਿਸ ਤੋਂ ਤੁਸੀਂ ਅੰਗਰੇਜ਼ੀ ਤੋਂ ਪੰਜਾਬੀ ਅਤੇ ਪੰਜਾਬੀ ਤੋਂ ਅੰਗਰੇਜ਼ੀ ਬੜੇ ਆਸਾਨ ਤਰੀਕੇ ਨਾਲ ਸਿੱਖ ਸਕਦੇ ਹੋ

4 ਕਿਤਾਬਾਂ ਦੇ ਸੈੱਟ ਦੀ ਕੀਮਤ ਕੇਵਲ £15.00 ਪੌਂਡ (ਡਾਕ ਖਰਚ ਸਮੇਤ) ਹੈ
ਕਿਤਾਬਾਂ ਦੇ 10 ਸੈਟਾਂ ਤੋਂ ਉੱਪਰ ਆਰਡਰ ਤੇ ਡਿਸਕਾਊਂਟ ਦਿੰਦੇ ਹਾਂ ।

ਕਿਤਾਬਾਂ ਮੰਗਵਾਉਣ ਲਈ ਤੁਸੀਂ ਹੇਠਾਂ ਦਿੱਤੇ ਨੰਬਰਾਂ 'ਤੇ ਸੰਪਰਕ ਕਰ ਸਕਦੇ ਹੋ

**Whats App (M) 07966 388388**

**PANJAB TIMES**

BRIDLE GATE LANE, ALVASTON, DERBY, DE24 0QW, U.K.
Email: panjabtimes@gmail.com,
www.panjabtimes.co.uk TEL: 01332 372 851

www.fb.com/punjabtimesuk


## ਸ੍ਰੀ ਗੁਰੂ ਗੋਬਿੰਦ ਸਿੰਘ ਗੁਰਦੁਆਰਾ, ਮਾਨਚੈਸਟਰ ਵਿਖੇ 3 ਗ੍ਰੰਥੀ ਸਿੰਘਾਂ (ਰਾਗੀ ਜਥੇ) ਦੀ ਲੋੜ

**ਮੁੱਖ ਕੰਮ:-** ਸ਼੍ਰੀ ਗੁਰੂ ਗੋਬਿੰਦ ਸਿੰਘ ਗੁਰਦੁਆਰਾ ਐਜੂਕੇਸ਼ਨਲ ਐਂਡ ਕਲਚਰਲ ਸੈਂਟਰ ਮਾਨਚੈਸਟਰ ਵਿਖੇ ਸਵੇਰੇ ਸ਼ਾਮ ਕੀਰਤਨ ਕਰਨਾ, ਨਿੱਤਨੇਮ, ਸੁਖਮਨੀ ਸਾਹਿਬ ਦਾ ਪਾਠ ਅਤੇ ਅਖੰਡ ਪਾਠ ਅਤੇ ਮੁੱਖ ਗ੍ਰੰਥੀ ਦੇ ਨਾਲ ਗੁਰਦੁਆਰਾ ਸਾਹਿਬ ਵਿਖੇ ਲੋੜੀਂਦੀਆਂ ਸੇਵਾਵਾਂ ਵਿੱਚ ਮਦਦ ਕਰਨੀ।

**ਸਮਾਂ:-** ਛੇ ਮਹੀਨਿਆਂ ਤੋਂ ਲੈ ਕੇ ਇੱਕ ਸਾਲ ਲਈ ਕੰਮ, ਯੂ ਕੇ ਦੇ ਇੰਪਲਾਇਮੈਂਟ ਕਾਨੂੰਨ ਮੁਤਾਬਕ ਚੰਗੀ ਤਨਖਾਹ ਅਤੇ ਗੁਰਦੁਆਰਾ ਸਾਹਿਬ ਵਿਖੇ ਰਿਹਾਇਸ਼ ਦਾ ਪ੍ਰਬੰਧ ਹੈ।

**ਸ਼ਰਤਾਂ:-** ਕੀਰਤਨ ਕਰਨ ਦੇ ਯੋਗ ਹੋਵੇ ਅਤੇ ਧਾਰਮਿਕ ਕਾਰਜਾਂ ਸਬੰਧੀ ਹੋਰ ਡਿਊਟੀਆਂ ਵੀ ਕਰ ਸਕਦਾ ਹੋਵੇ, ਲੰਗਰ ਦੀਆਂ ਸੇਵਾਵਾਂ ਵੀ ਨਿਭਾਅ ਸਕਦਾ ਹੋਵੇ। ਪੰਜਾਬੀ ਜ਼ਰੂਰ ਪੜ੍ਹ ਅਤੇ ਬੋਲ ਸਕਦਾ ਹੋਵੇ। ਤਜ਼ਰਬਾ ਹੋਣਾ ਜ਼ਰੂਰੀ ਹੈ। ਜੇ ਕੋਈ ਸਿੰਘ ਪਹਿਲਾਂ ਹੀ ਯੂ ਕੇ ਵਿਚ ਪੱਕਾ ਰਹਿੰਦਾ ਹੋਵੇ ਤਾਂ ਉਸ ਨੂੰ ਪਹਿਲ ਦਿੱਤੀ ਜਾਵੇਗੀ। ਯੂ ਕੇ ਵਿੱਚ ਕਾਨੂੰਨੀ ਤੌਰ 'ਤੇ ਕੰਮ ਕਰਨ ਦਾ ਅਧਿਕਾਰ ਹੋਣਾ ਜ਼ਰੂਰੀ ਹੈ।

**ਬੰਦ ਹੋਣ ਦੀ ਤਾਰੀਕ:-** ਬਿਨੈਕਾਰ ਆਪਣੀਆਂ ਅਰਜ਼ੀਆਂ 7 ਦਸੰਬਰ 2024 ਤੋਂ ਪਹਿਲਾਂ ਭੇਜਣ

## Job Title: Keertani Jatha of 3 Required at Sri Guru Gobind Singh Gurdwara Manchester, U.K.

Keertani Jatha of 3 people required to work in a busy and demanding Manchester Gurdwara Sahib with a minimum weekly congregation of up to 650 people.

**Duties:** Should be able to perform Kirtan and carry out other religious activities as listed in main duties, as; Parkash of Sri Guru Granth Sahib, Nitnem, Sukhmani Sahib, Sehaj Paath, Recite Katha Vichar in the morning and evening, Rehras Sahib, Sukhasan Sahib etc.

**Requirements:** Must have Previous experience is essential, Vast knowledge of Sri Guru Granth Sahib and Sikh history, fluent in writing, reading and speaking Punjabi. Must have clean character and able to provide references of previous experience.

**Duration:** Fixed term contract, 6 months to 1 year.

**Benefits:** Excellent salary, Accommodation will be provided and Access to Gurdwara Sahib's food pantry.

**Must have right to work in U.K.**

**Please contact: Parkash Singh on 07909 517494 or Tel: 0161 2267233**

**Closing Date : Please Apply before 7th December 2024**

SRI GURU GOBIND SINGH GURDWARA Educational & Cultural Centre,
57 UPPER CHORLTON ROAD, WHALLEY RANGE, MANCHESTER, M16 7RQ.

www.manchestergurdwara.co.uk - Email:info@manchestergurdwara.co.uk
Charity Registration No. 1104110